SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 47 | Wednesday, March 06, 2024 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ

## ਸਕੂਲੀ ਵਿਦਿਆਰਥੀਆਂ ਨਾਲ ਭਰੀ ਬੱਸ ਪਲਟੀ, 7 ਜ਼ਖ਼ਮੀ

ਓਨਟਾਰੀਓ, 5 ਮਾਰਚ (ਪੋਸਟ ਬਿਊਰੋ) : ਵੈਸਟ ਰੀਜਨ ਵਿੱਚ ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ ਵੁੱਡਸਟੌਕ ਨੇੜੇ ਹੋਏ ਇੱਕ ਗੰਭੀਰ ਹਾਦਸੇ ਦੀ ਜਾਂਚ ਕਰ ਰਹੀ ਹੈ। ਇਸ ਹਾਦਸੇ ਵਿੱਚ ਇੱਕ ਸਕੂਲ ਬੱਸ ਪਲਟ ਗਈ।

ਮੰਗਲਵਾਰ ਸਵੇਰੇ 8:00 ਵਜੇ ਤੋਂ ਬਾਅਦ ਵੁੱਡਸਟੌਕ ਦੇ ਦੱਖਣ ਵੱਲ ਆਕਸਫੋਰਡ ਕਾਊਂਟੀ ਵਿੱਚ ਡੌਜ ਲਾਈਨ ਤੇ ਕੱਥਬਰਟ ਰੋਡ ਨੇੜੇ ਵਾਪਰਿਆ। ਓਪੀਪੀ ਦੇ ਸਾਰਜੈਂਟ ਐਡ ਸੈਨਚੱਕ ਨੇ ਆਖਿਆ ਕਿ ਇਕਹਿਰੀ ਗੱਡੀ ਨੂੰ ਪੇਸ਼ ਆਏ ਇਸ ਹਾਦਸੇ ਵਿੱਚ ਇੱਕ ਵਿਦਿਆਰਥੀ ਬੱਸ ਥੱਲੇ ਹੀ ਦੱਬ ਗਿਆ। ਸੈਨਚੱਕ ਨੇ ਆਖਿਆ ਕਿ ਬੱਸ ਵਿੱਚ ਘੱਟੋ ਘੱਟ 40 ਬੱਚੇ ਸਵਾਰ ਸਨ ਜਦੋਂ ਇਹ ਹਾਦਸਾ ਵਾਪਰਿਆ। ਜਿਹੜਾ ਬੱਚਾ ਬੱਸ ਥੱਲੇ ਦੱਬ ਗਿਆ ਸੀ ਉਸ ਨੂੰ ਏਅਰਲਿਫਟ ਕਰਕੇ ਲੋਕਲ ਹਸਪਤਾਲ ਲਿਜਾਇਆ ਗਿਆ। ਕਈ ਹੋਰਨਾਂ ਵਿਦਿਆਰਥੀਆਂ ਨੂੰ ਵੀ ਐਂਬੂਲੈਂਸ ਰਾਹੀਂ ਇਲਾਜ ਲਈ ਲੋਕਲ ਹਸਪਤਾਲਾਂ ਵਿੱਚ ਲਿਜਾਇਆ ਗਿਆ।




ਮੰਗਲਵਾਰ ਸਵੇਰੇ 11:00 ਵਜੇ ਜਾਰੀ ਕੀਤੀ ਗਈ ਅਪਡੇਟ ਵਿੱਚ ਆਕਸਫੋਰਡ ਕਾਊਂਟੀ ਪੈਰਾਮੈਡਿਕਸ ਸਰਵਿਸਿਜ਼ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਕਿ ਛੇ ਬੱਚਿਆਂ ਨੂੰ ਮਾਮੂਲੀ ਸੱਟਾਂ ਦੇ ਇਲਾਜ ਲਈ ਨੇੜਲੇ ਹਸਪਤਾਲਾਂ ਵਿੱਚ ਲਿਜਾਇਆ ਗਿਆ। ਇੱਕ ਹੋਰ ਬੱਚੇ ਨੂੰ ਏਅਰਲਿਫਟ ਕਰਕੇ ਲੰਡਨ ਲਿਜਾਇਆ ਗਿਆ, ਜਿੱਥੇ ਉਸ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾਂਦੀ ਹੈ। ਹਾਦਸੇ ਬਾਰੇ ਬੱਚਿਆਂ ਦੇ ਮਾਪਿਆਂ ਨੂੰ ਜਾਣਕਾਰੀ ਦੇ ਦਿੱਤੀ ਗਈ ਸੀ। ਓਪੀਪੀ ਨੇ ਦੱਸਿਆ ਕਿ ਬੱਸ ਦੇ ਡਰਾਈਵਰ ਨੂੰ ਵੀ ਮਾਮੂਲੀ ਸੱਟਾਂ ਲੱਗੀਆਂ। ਕਿਸੇ ਖਿਲਾਫ ਕੋਈ ਚਾਰਜਿਜ਼ ਨਹੀਂ ਲਾਏ ਗਏ ਹਨ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਰੇਲ ਗੱਡੀ ਦੀ ਟੱਕਰ ਕਾਰਨ 2 ਟੀਨੇਜਰਜ਼ ਦੀ ਹੋਈ ਮੌਤ



ਟੋਰਾਂਟੋ, 5 ਮਾਰਚ (ਪੋਸਟ ਬਿਊਰੋ) : ਸੋਮਵਾਰ ਸ਼ਾਮ ਨੂੰ ਟੋਰਾਂਟੋ ਦੇ ਪੱਛਮੀ ਸਿਰੇ ਉੱਤੇ ਅੱਪ ਐਕਸਪ੍ਰੈੱਸ ਟਰੇਨ ਵੱਲੋਂ ਟੱਕਰ ਮਾਰੇ ਜਾਣ ਕਾਰਨ ਦੋ ਟੀਨੇਜਰਜ਼ ਦੀ ਮੌਤ ਹੋ ਗਈ।

ਰਾਤੀਂ 10:00 ਵਜੇ ਦੇ ਨੇੜੇ ਤੇੜੇ ਕਿਸੇ ਨੂੰ ਰੇਲ ਗੱਡੀ ਵੱਲੋਂ ਟੱਕਰ ਮਾਰੇ ਜਾਣ ਦੀ ਖਬਰ ਮਿਲਣ ਤੋਂ ਬਾਅਦ ਐਮਰਜੰਸੀ ਅਮਲਾ ਐਗਲਿੰਟਨ ਐਵਨਿਊ ਵੈਸਟ ਤੇ ਵੈਸਟਨ ਰੋਡ ਨੇੜੇ ਬਲੂਅਰ ਗੋ ਸਟੇਸ਼ਨ ਦੇ ਪੱਛਮੀ ਟਰੈਕਸ ਉੱਤੇ ਪਹੁੰਚਿਆ। ਪੁਲਿਸ ਵੱਲੋਂ ਬਾਅਦ ਵਿੱਚ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਕਿ ਇੱਕ ਹੋਰ ਵਿਅਕਤੀ ਦੀ ਲਾਸ਼ ਵੀ ਟਰੈਕਸ ਤੋਂ ਮਿਲੀ ਹੈ। ਦੋਵਾਂ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ। ਪੁਲਿਸ ਨੇ ਬਾਅਦ ਵਿੱਚ ਦੱਸਿਆ ਕਿ ਮਰਨ ਵਾਲੇ ਦੋਵੇਂ ਸ਼ਖ਼ਸ ਟੀਨੇਜਰ ਲੜਕਾ ਤੇ ਲੜਕੀ ਸਨ।

ਜਾਂਚਕਾਰ ਇਹ ਪਤਾ ਲਾਉਣ ਦੀ ਕੋਸ਼ਿਸ਼ ਕਰ ਰਹੇ ਹਨ ਕਿ ਜਿਸ ਸਮੇਂ ਗੱਡੀ ਆਈ ਉਸ ਸਮੇਂ ਇਹ ਦੋਵੇਂ ਟੀਨੇਜਰ ਟਰੈਕਸ ਉੱਤੇ ਕੀ ਕਰ ਰਹੇ ਸਨ। ਪਰ ਇੱਕ ਸਰੋਤ ਨੇ ਦੱਸਿਆ ਕਿ ਇਹ ਹਾਦਸਾ ਐਡਵੈਂਚਰ ਵਿੱਚ ਹੋਈ ਗੜਬੜ ਕਾਰਨ ਹੋਇਆ ਲੱਗ ਰਿਹਾ ਹੈ। ਇਸ ਹਾਦਸੇ ਕਾਰਨ ਸੋਮਵਾਰ ਸ਼ਾਮ ਨੂੰ ਅੱਪ ਐਕਸਪ੍ਰੈੱਸ ਸਰਵਿਸ ਠੱਪ ਹੋ ਗਈ ਤੇ ਗੋ ਟਰਾਂਜ਼ਿਟ ਨੂੰ ਯੂਨੀਅਨ ਤੇ ਇਟੋਬੀਕੋ ਨੌਰਥ ਗੋ ਸਟੇਸ਼ਨਾਂ ਦਰਮਿਆਨ ਸ਼ਟਲ ਬੱਸਾਂ ਚਲਾਉਣੀਆਂ ਪਈਆਂ। ਮੰਗਲਵਾਰ ਸਵੇਰ ਤੋਂ ਅੱਪ ਐਕਸਪ੍ਰੈੱਸ ਤੇ ਗੋ ਟਰਾਂਜ਼ਿਟ ਦੀਆਂ ਨਿਯਮਤ ਸੇਵਾਵਾਂ ਸ਼ੁਰੂ ਹੋ ਸਕੀਆਂ।

## ਦਰਹਾਮ ਵਿੱਚ ਹੋਈਆਂ ਫੈਡਰਲ ਜ਼ਿਮਨੀ ਚੋਣਾਂ ਵਿੱਚ ਕੰਜ਼ਰਵੇਟਿਵਾਂ ਨੇ ਦਰਜ ਕਰਵਾਈ ਜਿੱਤ



ਓਨਟਾਰੀਓ, 5 ਮਾਰਚ (ਪੋਸਟ ਬਿਊਰੋ) : ਦਰਹਾਮ ਹਲਕੇ ਵਿੱਚ ਹੋਈਆਂ ਫੈਡਰਲ ਜ਼ਿਮਨੀ ਚੋਣਾਂ ਵਿੱਚ ਕੰਜ਼ਰਵੇਟਿਵ ਉਮੀਦਵਾਰ ਜਾਮਿਲ ਜਿਵਾਨੀ ਨੂੰ ਜਿੱਤ ਹਾਸਲ ਹੋਈ ਹੈ। ਇਸ ਜਿੱਤ ਲਈ ਉਨ੍ਹਾਂ ਆਪਣੇ ਸਮਰਥਕਾਂ ਤੇ ਵੋਟਰਾਂ ਦਾ ਧੰਨਵਾਦ ਕੀਤਾ। ਉਨ੍ਹਾਂ ਆਖਿਆ ਕਿ ਲਿਬਰਲਾਂ ਨੇ ਆਮ ਲੋਕਾਂ ਤੇ ਮਿਹਨਤਕਸ਼ ਵਰਗ ਲਈ ਜ਼ਿੰਦਗੀ ਮੁਸ਼ਕਲ ਕੀਤੀ ਪਈ ਹੈ।

ਇਸ ਜਿੱਤ ਤੋਂ ਬਾਅਦ ਜਿਵਾਨੀ ਹਾਊਸ ਆਫ ਕਾਮਨਜ਼ ਵਿੱਚ ਸੀਟ ਸਾਂਭਣ ਲਈ ਤਿਆਰ ਹਨ। ਵਕੀਲ ਤੇ ਕੰਮੈਂਟੇਟਰ ਵਜੋਂ ਜਾਣੇ ਜਾਂਦੇ ਜਿਵਾਨੀ ਨੂੰ 55 ਫੀ ਸਦੀ ਵੋਟਾਂ ਹਾਸਲ ਹੋਈਆਂ। ਲਿਬਰਲ ਉਮੀਦਵਾਰ ਰੌਬਰਟ ਰੌਕ ਦੂਜੇ ਸਥਾਨ ਉੱਤੇ ਰਹੇ ਤੇ ਐਨਡੀਪੀ ਉਮੀਦਵਾਰ ਕ੍ਰਿਸ ਬੌਰਗੀਆ ਨੂੰ ਤੀਜੇ ਸਥਾਨ ਉੱਤੇ ਹੀ ਸਬਰ ਕਰਨਾ ਪਿਆ। ਹਾਲਾਂਕਿ ਦਰਹਾਮ ਨੂੰ ਕੰਜ਼ਰਵੇਟਿਵਾਂ ਦਾ ਗੜ੍ਹ ਮੰਨਿਆਂ ਜਾਂਦਾ ਹੈ ਪਰ ਪਿਛਲੇ 20 ਸਾਲਾਂ ਵਿੱਚ ਐਨੇ ਵੱਡੇ ਫਰਕ ਨਾਲ ਕੋਈ ਵੀ ਟੋਰੀ ਉਮੀਦਵਾਰ ਨਹੀਂ ਜਿੱਤਿਆ।

ਜਿਵਾਨੀ ਨੂੰ ਇਸ ਲਈ ਵੀ ਸਫਲਤਾ ਹਾਸਲ ਹੋਈ ਕਿਉਂਕਿ ਆਮ ਚੋਣ ਸਰਵੇਖਣਾਂ ਵਿੱਚ ਵੀ ਸਾਹਮਣੇ ਆਇਆ ਹੈ ਕਿ ਕੰਜ਼ਰਵੇਟਿਵ ਲਿਬਰਲਾਂ ਨਾਲੋਂ ਅੱਗੇ ਚੱਲ ਰਹੇ ਹਨ ਤੇ ਉਨ੍ਹਾਂ ਵੱਲੋਂ ਇਹ ਨਾਅਰਾ ਦਿੱਤਾ ਜਾ ਰਿਹਾ ਹੈ ਕਿ ਉਹ ਟੈਕਸਾਂ ਵਿੱਚ ਕਟੌਤੀ ਕਰਨਗੇ, ਘਰਾਂ ਦਾ ਨਿਰਮਾਣ ਕਰਨਗੇ, ਬਜਟ ਫਿਕਸ ਕਰਨਗੇ ਤੇ ਜੁਰਮ ਨੂੰ ਠੱਲ੍ਹ ਪਾਉਣਗੇ।

## ਨੈਸ਼ਵਿੱਲ ਵਿੱਚ ਜਹਾਜ਼ ਹਾਦਸਾਗ੍ਰਸਤ, 5 ਕੈਨੇਡੀਅਨਜ਼ ਦੀ ਹੋਈ ਮੌਤ




ਨੈਸ਼ਵਿੱਲ, 5 ਮਾਰਚ (ਪੋਸਟ ਬਿਊਰੋ) : ਨੈਸ਼ਵਿੱਲ ਨੇੜੇ ਹਾਦਸਾਗ੍ਰਸਤ ਹੋਏ ਇਕਹਿਰੇ ਇੰਜਣ ਵਾਲੇ ਜਹਾਜ਼ ਵਿੱਚ ਸਵਾਰ ਪੰਜਾਂ ਵਿਅਕਤੀਆਂ ਦੀ ਮੌਤ ਹੋ ਗਈ। ਜਹਾਜ਼ ਦੇ ਪਾਇਲਟ ਨੇ ਏਅਰ ਟਰੈਫਿਕ ਕੰਟਰੋਲਰਜ਼ ਨੂੰ ਦੱਸਿਆ ਸੀ ਕਿ ਉਸ ਨੂੰ ਰਨਵੇਅ ਨਜ਼ਰ ਆ ਰਿਹਾ ਹੈ ਪਰ ਉਹ ਉੱਥੋਂ ਤੱਕ ਪਹੁੰਚ ਨਹੀਂ ਸਕੇਗਾ।

ਇੰਟਰਸਟੇਟ 40 ਉੱਤੇ ਹਾਦਸਾਗ੍ਰਸਤ ਹੋਣ ਤੋਂ ਪਹਿਲਾਂ ਜਹਾਜ਼ ਦੇ ਪਾਇਲਟ ਨੇ ਆਖਿਆ ਕਿ ਉਸ ਨੂੰ ਨਹੀਂ ਪਤਾ ਕਿ ਉਹ ਕਿੱਥੇ ਲੈਂਡ ਕਰ ਸਕੇਗਾ। ਮੰਗਲਵਾਰ ਨੂੰ ਕੀਤੀ ਗਈ ਨਿਊਜ਼ ਕਾਨਫਰੰਸ ਵਿੱਚ ਯੂਐਸ ਨੈਸ਼ਨਲ ਟਰਾਂਸਪੋਰਟੇਸ਼ਨ ਸੇਫਟੀ ਬੋਰਡ ਇਨਵੈਸਟੀਗੇਟਰ ਐਰਨ ਮੈਕਕਾਰਟਰ ਨੇ ਦੱਸਿਆ ਕਿ ਜਹਾਜ਼ ਵਿੱਚ ਪਾਇਲਟ ਦੇ ਨਾਲ ਇੱਕ ਹੋਰ ਬਾਲਗ ਤੇ ਤਿੰਨ ਬੱਚੇ ਸਵਾਰ ਸਨ। ਉਨ੍ਹਾਂ ਦੱਸਿਆ ਕਿ ਪੰਜੇ ਵਿਅਕਤੀ ਕੈਨੇਡੀਅਨ ਨਾਗਰਿਕ ਸਨ ਤੇ ਏਜੰਸੀ ਇਨ੍ਹਾਂ ਸਾਰਿਆਂ ਦੀ ਸ਼ਨਾਖ਼ਤ ਕਰਨ ਲਈ ਕੈਨੇਡੀਅਨ ਸਰਕਾਰ ਨਾਲ ਰਾਬਤਾ ਰੱਖ ਰਹੀ ਹੈ।

ਉਨ੍ਹਾਂ ਆਖਿਆ ਕਿ ਹਾਲ ਦੀ ਘੜੀ ਇਹ ਦੱਸਣਾ ਬਹੁਤ ਮੁਸ਼ਕਲ ਹੈ ਕਿ ਹਾਦਸੇ ਦਾ ਕਾਰਨ ਕੀ ਸੀ। ਜਾਂਚਕਾਰਾਂ ਨੂੰ ਅਜੇ ਤੱਕ ਇਹ ਵੀ ਪਤਾ ਨਹੀਂ ਲੱਗ ਸਕਿਆ ਕਿ ਪਾਇਲਟ ਦੀ ਕੁਆਲੀਫਿਕੇਸ਼ਨ ਕੀ ਸੀ ਤੇ ਉਸ ਨੇ ਕਿੰਨੇ ਫਲਾਈਟ ਆਰਜ਼ ਪੂਰੇ ਕੀਤੇ ਹੋਏ ਸਨ। ਪਰ ਉਸ ਦੇ ਤਜਰਬੇ ਦੀ ਜਾਂਚ ਕੀਤੀ ਜਾ ਰਹੀ ਹੈ। ਟਰਾਂਸਪੋਰਟੇਸ਼ਨ ਸੇਫਟੀ ਬੋਰਡ ਆਫ ਕੈਨੇਡਾ ਨੇ ਅਮਰੀਕੀ ਅਧਿਕਾਰੀਆਂ ਵੱਲੋਂ ਕੀਤੀ ਜਾ ਰਹੀ ਇਸ ਹਾਦਸੇ ਦੀ ਜਾਂਚ ਲਈ ਇੱਕ ਨੁਮਾਇੰਦਾ ਲਗਾਇਆ ਹੈ। ਇਹ ਜਾਣਕਾਰੀ ਬੋਰਡ ਦੇ ਬੁਲਾਰੇ ਲਾਇਮ ਮੈਕਡੌਨਲਡ ਨੇ ਈਮੇਲ ਰਾਹੀਂ ਦਿੱਤੀ।

ਸੋਮਵਾਰ ਨੂੰ ਸ਼ਾਮੀਂ 7:40 ਦੇ ਨੇੜੇ ਤੇੜੇ ਪਾਇਲਟ ਨੇ ਏਅਰ ਟਰੈਫਿਕ ਕੰਟਰੋਲਰਜ਼ ਨੂੰ ਇਹ ਜਾਣਕਾਰੀ ਦਿੱਤੀ ਕਿ ਉਸ ਦੇ ਜਹਾਜ਼ ਦਾ ਇੰਜਣ ਬੰਦ ਹੋ ਗਿਆ ਹੈ। ਰੇਡੀਓ ਟਰਾਂਸਮਿਸ਼ਨ ਦੀ ਰਿਕਾਰਡਿੰਗ ਅਨੁਸਾਰ ਉਸ ਨੇ ਦੱਸਿਆ ਕਿ ਉਹ ਜੌਹਨ ਸੀ ਟਿਊਨ ਏਅਰਪੋਰਟ ਦੇ ਉੱਪਰੋਂ ਲੰਘ ਕੇ ਡਾਊਨਟਾਊਨ ਦੇ ਪੱਛਮ ਵੱਲ ਜਾ ਚੁੱਕਿਆ ਹੈ ਤੇ ਲੈਂਡ ਕਰਨ ਦੀ ਕੋਸ਼ਿਸ਼ ਵਿੱਚ ਮੁੜਨ ਦੀ ਤਿਆਰੀ ਕਰ ਰਿਹਾ ਹੈ। ਉਨ੍ਹਾਂ ਨੇ ਏਅਰਪੋਰਟ ਉੱਤੇ ਰਨਵੇਅ ਟੂ ਨੂੰ ਖਾਲੀ ਕਰਵਾ ਦਿੱਤਾ ਤੇ ਉਸ ਨੂੰ ਜਹਾਜ਼ ਉਤਾਰਨ ਲਈ ਆਖਿਆ। ਪਰ ਜਹਾਜ਼ ਪਹਿਲਾਂ ਹੀ 1600 ਫੁੱਟ ਹੇਠਾਂ ਆ ਚੁੱਕਿਆ ਸੀ। ਪਾਇਲਟ ਨੇ ਦੱਸਿਆ ਕਿ ਉਹ ਏਅਰਪੋਰਟ ਤੋਂ ਕਾਫੀ ਦੂਰ ਹੈ ਤੇ ਉਹ ਉੱਥੋਂ ਤੱਕ ਨਹੀਂ ਪਹੁੰਚ ਸਕੇਗਾ।

## ਲੇਕ ਓਨਟਾਰੀਓ 'ਚ ਮਿਲੇ ਕੱਟੇ ਵੱਢੇ ਮਨੁੱਖੀ ਅੰਗ, ਮ੍ਰਿਤਕ ਦੀ ਸ਼ਨਾਖ਼ਤ ਕਰਨ ਦੀ ਕੋਸ਼ਿਸ਼ ਕਰ ਰਹੀ ਹੈ ਪੁਲਿਸ

ਟੋਰਾਂਟੋ, 5 ਮਾਰਚ (ਪੋਸਟ ਬਿਊਰੋ) : ਟੋਰਾਂਟੋ ਪੁਲਿਸ ਨੇ ਦੱਸਿਆ ਕਿ ਲੇਕ ਓਨਟਾਰੀਓ ਵਿੱਚੋਂ ਪਿਛਲੇ ਸਾਲ ਮਿਲੇ ਕੱਟੇ ਵੱਢੇ ਮਨੁੱਖੀ ਅੰਗ ਇੱਕੋ ਵਿਅਕਤੀ ਦੇ ਸਨ। ਪੁਲਿਸ ਵੱਲੋਂ ਲੋਕਾਂ ਤੋਂ ਇਸ ਵਿਅਕਤੀ ਦੀ ਸ਼ਨਾਖ਼ਤ ਕਰਨ ਲਈ ਮਦਦ ਮੰਗੀ ਜਾ ਰਹੀ ਹੈ।

ਮੰਗਲਵਾਰ ਸਵੇਰੇ ਜਾਰੀ ਕੀਤੀ ਗਈ ਇੱਕ ਅਪਡੇਟ ਵਿੱਚ ਪੁਲਿਸ ਨੇ ਆਖਿਆ ਕਿ ਜਾਂਚ 9 ਅਕਤੂਬਰ ਨੂੰ ਸਵੇਰੇ 10:20 ਉੱਤੇ ਉਸ ਸਮੇਂ ਸ਼ੁਰੂ ਹੋਈ ਜਦੋਂ ਪੁਲਿਸ ਅਧਿਕਾਰੀਆਂ ਨੂੰ ਡਾਊਨਟਾਊਨ ਟੋਰਾਂਟੋ ਦੇ ਚੈਰੀ ਬੀਚ ਉੱਤੇ ਸੱਦਿਆ ਗਿਆ। ਜਾਂਚਕਾਰਾਂ ਨੇ ਦੱਸਿਆ ਕਿ ਇੱਕ ਵਿਅਕਤੀ ਪਾਣੀ ਕੋਲੋਂ ਲੰਘਿਆ ਜਾ ਰਿਹਾ ਸੀ ਜਦੋਂ ਉਸ ਨੂੰ ਮਨੁੱਖੀ ਪੱਟ ਨਜ਼ਰ ਆਇਆ। ਇਸ ਤੋਂ 150 ਮੀਟਰ ਦੀ ਦੂਰੀ ਉੱਤੇ ਇੱਕ ਪੁਲਿਸ ਅਧਿਕਾਰੀ ਨੂੰ ਦੂਜਾ ਮਨੁੱਖੀ ਪੱਟ ਨਜ਼ਰ ਆਇਆ। 30 ਅਕਤੂਬਰ ਨੂੰ ਟੋਰਾਂਟੋ ਪੁਲਿਸ ਦੀ ਮਰੀਨ ਯੂਨਿਟ ਟੋਰਾਂਟੋ ਦੇ ਬਾਹਰੀ ਹਾਰਬਰ ਉੱਤੇ ਗਸ਼ਤ ਕਰ ਰਹੀ ਸੀ ਜਦੋਂ ਅਧਿਕਾਰੀਆਂ ਨੂੰ ਮਨੁੱਖੀ ਧੜ ਪਾਣੀ ਵਿੱਚੋਂ ਮਿਲਿਆ। ਧੜ ਉੱਤੇ ਨਿੱਕੀ ਟੀ-ਸ਼ਰਟ ਤੇ



ਨੈਕਲੇਸ ਸੀ ਤੇ ਧੜ ਨੂੰ ਕਾਲੇ ਰੰਗ ਦੇ ਗਾਰਬੇਜ ਬੈਗ ਵਿੱਚ ਲਪੇਟਿਆ ਗਿਆ ਸੀ। ਜਾਂਚਕਾਰਾਂ ਵੱਲੋਂ ਨੈਕਲੇਸ ਦੀਆਂ ਤਸਵੀਰਾਂ ਵੀ ਜਾਰੀ ਕੀਤੀਆਂ ਗਈਆਂ ਹਨ।

ਪੁਲਿਸ ਦਾ ਮੰਨਣਾ ਹੈ ਕਿ ਇਸ ਵਿਅਕਤੀ ਦੀ ਮੌਤ 9 ਅਕਤੂਬਰ ਨੂੰ ਪੱਟ ਮਿਲਣ ਤੋਂ 24 ਤੋਂ 48 ਘੰਟੇ ਪਹਿਲਾਂ ਹੋਈ ਹੋਵੇਗੀ। ਉਨ੍ਹਾਂ ਇਹ ਵੀ ਆਖਿਆ ਕਿ ਸ਼ਰੀਰ ਦੇ ਹਿੱਸੇ ਮਿਲਣ ਤੋਂ ਕਈ ਘੰਟੇ ਪਹਿਲਾਂ ਹੀ ਉਨ੍ਹਾਂ ਨੂੰ ਪਾਣੀ ਵਿੱਚ ਸੁੱਟਿਆ ਗਿਆ ਹੋਵੇਗਾ। ਡੀਐਨਏ ਟੈਸਟ ਤੋਂ ਬਾਅਦ ਇਹ ਵੀ ਸਾਹਮਣੇ ਆਇਆ ਹੈ ਕਿ ਪੱਟ ਤੇ ਧੜ ਇੱਕੋ ਵਿਅਕਤੀ ਦਾ ਹੈ। ਪੋਸਟ ਮਾਰਟਮ ਤੋਂ ਖੁਲਾਸਾ ਹੋਇਆ ਹੈ ਕਿ ਇਸ ਵਿਅਕਤੀ ਨੂੰ ਸੋਚ ਸਮਝ ਕੇ ਕੱਟਿਆ ਵੱਢਿਆ ਗਿਆ। ਪੁਲਿਸ ਅਜੇ ਵੀ ਇਸ ਨੂੰ ਕਤਲ ਨਹੀਂ ਮੰਨ ਰਹੀ। ਪੁਲਿਸ ਦਾ ਕਹਿਣਾ ਹੈ ਕਿ ਅਜੇ ਵੀ ਉਹ ਇਹ ਪਤਾ ਲਾਉਣ ਦੀ ਕੋਸ਼ਿਸ਼ ਕਰ ਰਹੇ ਹਨ ਕਿ ਇਸ ਵਿਅਕਤੀ ਦੀ ਮੌਤ ਕਿਵੇਂ ਹੋਈ।

ਹੋਮੀਸਾਈਡ ਤੇ ਮਿਸਿੰਗ ਪਰਸਨਜ਼ ਯੂਨਿਟ ਤੋਂ ਡਿਟੈਕਟਿਵ ਸਾਰਜੈਂਟ ਟਿਫਨੀ ਕਾਸਲ ਦਾ ਕਹਿਣਾ ਹੈ ਕਿ ਇਹ ਮਾਮਲਾ ਕਾਫੀ ਸ਼ੱਕੀ ਹੈ। ਜਿਵੇਂ ਹੀ ਸਾਨੂੰ ਇਹ ਪਤਾ ਲੱਗੇਗਾ ਕਿ ਇਸ ਮਾਮਲੇ ਦੀ ਜਾਂਚ ਦਾ ਕੋਈ ਹੋਰ ਪੱਖ ਵੀ ਹੈ, ਅਸੀਂ ਉਸ ਉੱਤੇ ਕਾਰਵਾਈ ਕਰਨ ਤੋਂ ਪਿੱਛੇ ਨਹੀਂ ਹਟਾਂਗੇ। ਉਨ੍ਹਾਂ ਆਖਿਆ ਕਿ ਇਸ ਵਿਅਕਤੀ ਦੀ ਸ਼ਨਾਖ਼ਤ ਲਈ ਸਾਨੂੰ ਜਨਤਾ ਦੀ ਮਦਦ ਦੀ ਲੋੜ ਹੈ। ਫੋਰੈਂਸਿਕ ਟੀਮ ਵੱਲੋਂ ਮ੍ਰਿਤਕ ਵਿਅਕਤੀ ਦਾ ਵੇਰਵਾ 21 ਤੋਂ 28 ਸਾਲਾਂ ਦੇ ਪੁਰਸ਼ ਵਜੋਂ ਜਾਰੀ ਕੀਤਾ ਗਿਆ ਹੈ, ਜਿਸਦੇ ਹਲਕੇ ਭੂਰੇ ਵਾਲ ਹਨ, ਚਮੜੀ ਦਾ ਰੰਗ ਕਣਕਵੰਨ੍ਹਾਂ ਹੈ, ਸ਼ਰੀਰ ਪਤਲਾ ਹੈ ਤੇ ਉਸ ਦੇ ਸ਼ਰੀਰ ਉੱਤੇ ਕਾਲੇ ਵਾਲ ਹਨ। ਮ੍ਰਿਤਕ ਦਾ ਕੱਦ ਪੰਜ ਫੁੱਟ ਤਿੰਨ ਇੰਚ ਤੋਂ ਲੈ ਕੇ ਪੰਜ ਫੁੱਟ ਨੌਂ ਇੰਚ ਦਰਮਿਆਨ ਰਿਹਾ ਹੋ ਸਕਦਾ ਹੈ। ਜਾਂਚਕਾਰਾਂ ਨੇ ਦੱਸਿਆ ਕਿ ਮ੍ਰਿਤਕ ਦੇ ਸ਼ਰੀਰ ਉੱਤੇ ਕਿਸੇ ਕਿਸਮ ਦੇ ਨਿਸ਼ਾਨ, ਮਾਰਕਸ ਜਾਂ ਟੈਟੂ ਆਦਿ ਨਹੀਂ ਹਨ।

## ਲੇਬਨਾਨ ਨੇ ਇਜ਼ਰਾਈਲ 'ਤੇ ਦਾਗੀ ਮਿਜ਼ਾਈਲ, ਭਾਰਤੀ ਦੀ ਮੌਤ

ਯੇਰੂਸ਼ਲਮ, 5 ਮਾਰਚ (ਪੋਸਟ ਬਿਊਰੋ): ਇਜ਼ਰਾਈਲ ਦੀ ਉੱਤਰੀ ਸਰਹੱਦ 'ਤੇ ਮਾਰਗਾਲੀਓਟ ਨੇੜੇ ਇਕ ਬਾਗ 'ਚ ਲੇਬਨਾਨ ਤੋਂ ਦਾਗੀ ਗਈ ਟੈਂਕ ਵਿਰੋਧੀ ਮਿਜ਼ਾਈਲ ਦੀ ਲਪੇਟ 'ਚ ਆਉਣ ਨਾਲ ਸੋਮਵਾਰ ਨੂੰ ਇਕ ਭਾਰਤੀ ਨਾਗਰਿਕ ਦੀ ਮੌਤ ਹੋ ਗਈ ਅਤੇ ਦੋ ਹੋਰ ਜ਼ਖਮੀ ਹੋ ਗਏ। ਅਧਿਕਾਰੀਆਂ ਨੇ ਦੱਸਿਆ ਕਿ ਤਿੰਨੋਂ ਲੋਕ ਦੱਖਣੀ ਰਾਜ ਕੇਰਲ ਦੇ ਵਾਸੀ ਹਨ। ਬਚਾਅ ਸੇਵਾ ਮੈਗੇਨ ਡੇਵਿਡ ਅਡੋਮ (ਐਮਡੀਏ) ਦੇ ਬੁਲਾਰੇ ਜ਼ਾਕੀ ਹੇਲਰ ਨੇ ਕਿਹਾ ਕਿ ਮਿਜ਼ਾਈਲ ਸੋਮਵਾਰ ਸਵੇਰੇ 11 ਵਜੇ ਦੇ ਕਰੀਬ ਉੱਤਰੀ ਇਜ਼ਰਾਈਲ ਦੇ ਗੈਲੀਲੀ ਖੇਤਰ ਵਿਚ



ਮਾਰਗਲੀਓਟ (ਇੱਕ ਸਮੂਹਿਕ ਖੇਤੀ ਕਰਨ ਵਾਲੇ ਭਾਈਚਾਰੇ) ਦੇ ਇੱਕ ਬਾਗ ਵਿੱਚ ਡਿੱਗੀ। ਜਾਣਕਾਰੀ ਅਨੁਸਾਰ ਇਸ ਹਮਲੇ 'ਚ ਕੇਰਲ ਦੇ ਕੋਲਮ ਨਿਵਾਸੀ ਪਟਨੀਬਿਨ ਮੈਕਸਵੈੱਲ ਦੀ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਬੁਸ਼ ਜੋਸਫ ਜਾਰਜ ਅਤੇ ਪਾਲ ਮੇਲਵਿਨ ਵੀ ਇਸ ਘਟਨਾ 'ਚ ਜ਼ਖਮੀ ਹੋਏ ਹਨ ਅਤੇ ਉਨ੍ਹਾਂ ਨੂੰ ਇਲਾਜ ਲਈ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਇੱਕ ਅਧਿਕਾਰਤ ਸੂਤਰ ਨੇ ਕਿਹਾ ਕਿ ਜਾਰਜ ਨੂੰ ਚਿਹਰੇ ਅਤੇ ਸਰੀਰ ਦੀਆਂ ਸੱਟਾਂ ਨਾਲ ਬੇਲੀਨਸਨ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ। ਉਸ ਦਾ ਆਪਰੇਸ਼ਨ ਹੋਇਆ ਹੈ। ਉਹ ਭਾਰਤ ਵਿੱਚ ਆਪਣੇ ਪਰਿਵਾਰ ਨਾਲ ਗੱਲ ਕਰ ਸਕਦਾ ਹੈ। ਮੰਨਿਆ ਜਾ ਰਿਹਾ ਹੈ ਕਿ ਇਹ ਹਮਲਾ ਲੇਬਨਾਨ ਦੇ ਹਿਜ਼ਬੁੱਲਾ ਵੱਲੋਂ ਕੀਤਾ ਗਿਆ ਹੈ।

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma
Open Saturday
Providing excellent quality legal services to our clients

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

MagGas Medical Brampton
MGM
MAGGAS MEDICAL INC.
(647) 954-9885
20 Maritime Ont Blvd Unit 15 Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
ਮੁਫਤ ਪਿਕਅਪ ਅਤੇ ਡਰਾਪ ਆਫ਼
ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps
Cockroaches • Carpenter Ants • Silver Fish • Racoons
Call : PARESH PATEL
416 938 4598

KELLEY LAW OFFICE
Immigration | Real Estate
Family Law | Business Closing
Corporate | Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law • Business Law
Wills & Estates • Family Law
Power of Attorney • Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ


ਹੋਇਆ ਈ ਬੱਜਟ ਪੰਜਾਬ ਦਾ ਪੇਸ਼ ਬੇਲੀ,
ਸਰਕਾਰ ਕਹਿੰਦੀ ਆ ਹੋਈ ਕਮਾਲ ਬੇਲੀ।
ਜਿੱਦਾਂ ਦਾ ਬੱਜਟ ਹੈ ਐਤਕੀਂ ਪੇਸ਼ ਹੋਇਆ,
ਜਾਊ ਸਭ ਸੁਧਰ ਪੰਜਾਬ ਵਿੱਚ ਹਾਲ ਬੇਲੀ।
ਵਿਰੋਧੀ ਲੀਡਰ ਵੀ ਚੁੱਪ ਨਾ ਰਹਿਣ ਵਾਲੇ,
ਸਕਣ ਗੁੱਸਾ ਨਹੀਂ ਕੱਲ੍ਹ ਤੱਕ ਟਾਲ ਬੇਲੀ।
ਕਹਿੰਦੇ ਕੱਖ ਨਹੀਂ ਲੱਭ ਰਿਹਾ ਵਿੱਚ ਇਹਦੇ,
ਅੰਕੜਿਆਂ ਵਾਲੀ ਆ ਨਿਰੀ ਖੜਤਾਲ ਬੇਲੀ।
ਸਰਕਾਰੀ ਧਿਰ ਸਿਰਫ ਆਪਣੀ ਗੱਲ ਕਹਿੰਦੀ,
ਕਹਿਣਾ ਏ ਚੰਗਾ ਬੱਸ ਚੰਗਾ ਕੁਝ ਪੇਸ਼ ਬੇਲੀ।
ਵਿਰੋਧੀਆਂ ਮੰਨਣੀ ਕੋਈ ਨਹੀਂ ਗੱਲ ਵਧੀਆ,
ਏਹੀਓ ਸਭ ਹੁੰਦਾ ਪਿਆ ਰਿਹਾ ਹਮੇਸ਼ ਬੇਲੀ।

**ਤੀਸ ਮਾਰ ਖਾਂ**

# ਪੰਜਾਬ ਸਰਕਾਰ ਦੇ ਵਿੱਤ ਮੰਤਰੀ ਹਰਪਾਲ ਚੀਮਾ ਨੇ 2 ਲੱਖ 4 ਹਜ਼ਾਰ 918 ਕਰੋੜ ਰੁਪਏ ਦਾ ਬਜਟ ਕੀਤਾ ਪੇਸ਼, ਕੋਈ ਨਵਾਂ ਟੈਕਸ ਨਹੀਂ

ਚੰਡੀਗੜ੍ਹ, 5 ਮਾਰਚ (ਪੋਸਟ ਬਿਊਰੋ): ਆਮ ਆਦਮੀ ਪਾਰਟੀ (ਆਪ) ਸਰਕਾਰ ਨੇ ਪੰਜਾਬ ਵਿਧਾਨ ਸਭਾ ਵਿਚ ਬਜਟ ਪੇਸ਼ ਕਰ ਦਿੱਤਾ ਹੈ। ਸਾਲ 2024-25 ਲਈ ਇਹ ਬਜਟ 2 ਲੱਖ 4 ਹਜ਼ਾਰ 918 ਕਰੋੜ ਰੁਪਏ ਦਾ ਹੈ। ਪੰਜਾਬ ਵਿੱਚ ਪਹਿਲੀ ਵਾਰ ਬਜਟ 2 ਲੱਖ ਕਰੋੜ ਰੁਪਏ ਤੋਂ ਵੱਧ ਗਿਆ ਹੈ। ਇਸ ਦੇ ਨਾਲ ਹੀ ਬਜਟ ਤੋਂ ਪਹਿਲਾਂ ਕਾਂਗਰਸ ਨੇ ਵਿਧਾਨ ਸਭਾ ਦੇ ਬਾਹਰ ਹੰਗਾਮਾ ਕੀਤਾ। ਉਨ੍ਹਾਂ ਇੱਕ ਪਾਸੇ ਜਿੱਥੇ ਪੰਜਾਬ ਸਰਕਾਰ ਵੱਲੋਂ ਲਏ ਗਏ ਕਰਜ਼ੇ ਦਾ ਮੁੱਦਾ ਚੁੱਕਿਆ, ਉੱਥੇ ਹੀ ਦੂਜੇ ਪਾਸੇ ਮੁੱਖ ਮੰਤਰੀ ਵੱਲੋਂ ਵਿਧਾਇਕ ਕੋਟਲੀ ਬਾਰੇ ਕਹੇ ਸ਼ਬਦਾਂ ਦੀ ਨਿਖੇਧੀ ਕੀਤੀ।


ਬਜਟ ਪੇਸ਼ ਕਰਦਿਆਂ ਵਿੱਤ ਮੰਤਰੀ ਚੀਮਾ ਨੇ ਵਿਕਾਸ ਦਰ 13 ਫੀਸਦੀ ਰਹਿਣ ਬਾਰੇ ਦੱਸਿਆ। ਇਸ ਦੇ ਨਾਲ ਹੀ ਇਸ ਸਾਲ ਸਿੱਖਿਆ ਲਈ 11.5 ਫੀਸਦੀ ਦਾ ਬਜਟ ਰਾਖਵਾਂ ਰੱਖਿਆ ਗਿਆ ਹੈ, ਜੋ ਕਿ ਲਗਭਗ 16 ਹਜ਼ਾਰ 987 ਕਰੋੜ ਰੁਪਏ ਹੈ। ਤਕਨੀਕੀ ਸਿੱਖਿਆ ਲਈ 525 ਕਰੋੜ ਰੁਪਏ ਅਤੇ ਉੱਚ ਸਿੱਖਿਆ ਲਈ 80 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ।



ਸਰਕਾਰ ਖੇਡਾਂ ਲਈ 272 ਕਰੋੜ ਰੁਪਏ ਖਰਚ ਕਰੇਗੀ। ਸਿਹਤ ਲਈ 5264 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ। ਇਸ ਤੋਂ ਇਲਾਵਾ ਸਰਕਾਰ ਇਸ ਸਾਲ ਵੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ, ਬੀਬੀਆਂ ਲਈ ਮੁਫ਼ਤ ਬੱਸ ਸਕੀਮ, ਕਿਸਾਨਾਂ ਲਈ ਮੁਫ਼ਤ ਬਿਜਲੀ ਵਰਗੀਆਂ ਸਹੂਲਤਾਂ ਜਾਰੀ ਰੱਖੇਗੀ।

ਬਜਟ ਭਾਸ਼ਣ ਦੀ ਸ਼ੁਰੂਆਤ ਵਿੱਚ ਵਿੱਤ ਮੰਤਰੀ ਹਰਪਾਲ ਚੀਮਾ ਨੇ ਕਿਹਾ ਕਿ ਪਿਛਲੇ ਦੋ ਸਾਲਾਂ ਵਿੱਚ 40 ਹਜ਼ਾਰ ਤੋਂ ਵੱਧ ਨੌਕਰੀਆਂ ਦਿੱਤੀਆਂ ਗਈਆਂ ਹਨ। ਉਨ੍ਹਾਂ ਨੇ ਖੇਤੀ ਲਈ 13 ਹਜ਼ਾਰ 784 ਕਰੋੜ ਰੁਪਏ ਦਾ ਬਜਟ ਰੱਖਿਆ। ਉਨ੍ਹਾਂ ਸਕੂਲੀ ਸਿੱਖਿਆ ਲਈ 16 ਹਜ਼ਾਰ 967 ਕਰੋੜ ਰੁਪਏ ਦਾ ਬਜਟ ਰੱਖਿਆ। ਇਸ ਤੋਂ ਇਲਾਵਾ ਸੀ.ਐਮ.ਭਗਵੰਤ ਮਾਨ ਨੇ ਖੇਤਾਂ ਅਤੇ ਘਰਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਦੀ ਯੋਜਨਾ ਬਾਰੇ ਜਾਣਕਾਰੀ ਸਾਂਝੀ ਕੀਤੀ। ਖਾਸ ਗੱਲ ਇਹ ਹੈ ਕਿ ਇਸ ਸਾਲ 'ਆਪ' ਸਰਕਾਰ ਨੇ ਕੋਈ ਨਵਾਂ ਟੈਕਸ ਨਹੀਂ ਜੋੜਿਆ ਹੈ।

## ਡਰਾਈ ਆਈਸ ਖਾਂਦੇ ਹੀ 5 ਜਣਿਆਂ ਦੀ ਸਿਹਤ ਵਿਗੜੀ, ਰੈਸਟੋਰੈਂਟ ਦਾ ਮੈਨੇਜਰ ਗ੍ਰਿਫ਼ਤਾਰ



ਨਵੀਂ ਦਿੱਲੀ, 5 ਮਾਰਚ (ਪੋਸਟ ਬਿਊਰੋ): ਗੁਰੂਗ੍ਰਾਮ ਦੇ ਇਕ ਰੈਸਟੋਰੈਂਟ ਵਿਚ ਮਾਊਥ ਫਰੈਸ਼ਨਰ ਦੀ ਥਾਂ ਡਰਾਈ ਆਈਸ ਖਾਂਦੇ ਹੀ 5 ਜਣਿਆਂ ਦੇ ਮੂੰਹ 'ਚੋਂ ਖ਼ੂਨ ਨਿਕਲਣ ਲੱਗ ਪਿਆ ਸੀ ਅਤੇ ਸਿਹਤ ਵਿਗੜ ਗਈ । ਦੱਸਿਆ ਜਾ ਰਿਹਾ ਹੈ ਕਿ ਰੈਸਟੋਰੈਂਟ ਦੇ ਵੇਟਰ ਨੇ ਗਲਤੀ ਨਾਲ ਮਾਊਥ ਫਰੈਸ਼ਨਰ ਦੀ ਥਾਂ ਡਰਾਈ ਆਈਸ ਦੇ ਦਿੱਤੀ। ਜਿਸ ਨੂੰ ਖਾਣ ਦੇ ਤੁਰੰਤ ਬਾਅਦ ਉਨ੍ਹਾਂ ਨੂੰ ਮੂੰਹ 'ਚ ਜਲਣ ਹੋਣ ਲੱਗੀ, ਜਿਸ ਤੋਂ ਬਾਅਦ ਮੂੰਹ ਵਿਚੋਂ ਖ਼ੂਨ ਨਿਕਲਣ ਲੱਗ ਪਿਆ। ਇਸ ਤੋਂ ਬਾਅਦ ਇਨ੍ਹਾਂ ਇਨ੍ਹਾਂ ਸਾਰਿਆਂ ਨੂੰ ਹਸਪਤਾਲ ਲਿਆਂਦਾ ਗਿਆ ਤਾਂ ਪਤਾ ਲੱਗਾ ਕਿ ਉਨ੍ਹਾਂ ਨੇ ਮਾਊਥ ਫਰੈਸ਼ਨਰ ਦੀ ਥਾਂ ਡਰਾਈ ਆਈਸ ਖਾ ਲਈ ਸੀ, ਜਿਸਦੇ ਚੱਲਦੇ ਤੋਂ ਇਹ ਸਥਿਤੀ ਬਣ ਗਈ।

ਪੁਲਿਸ ਨੇ ਮਾਮਲੇ 'ਚ ਮੁਲਜ਼ਮ ਮੈਨੇਜਰ ਨੂੰ ਗ੍ਰਿਫਤਾਰ ਕਰ ਲਿਆ ਹੈ। ਖੇੜਕੀ ਦੌਲਾ ਥਾਣਾ ਪੁਲਿਸ ਨੇ ਕਾਰਵਾਈ ਕਰਦੇ ਹੋਏ ਦਿੱਲੀ ਨਿਵਾਸੀ ਮੈਨੇਜਰ ਗਗਨਦੀਪ ਨੂੰ ਗ੍ਰਿਫਤਾਰ ਕਰ ਲਿਆ ਹੈ। ਉਹ ਕਰੀਬ 3 ਮਹੀਨਿਆਂ ਤੋਂ ਇੱਥੇ ਬਤੌਰ ਮੈਨੇਜਰ ਕੰਮ ਕਰ ਰਿਹਾ ਹੈ। ਰੈਸਟੋਰੈਂਟ ਦਾ ਮਾਲਕ ਅਜੇ ਫਰਾਰ ਦੱਸਿਆ ਜਾ ਰਿਹਾ ਹੈ। ਪੁਲਿਸ ਮੁਲਜ਼ਮ ਮਾਲਕ ਦੀ ਭਾਲ ਵਿੱਚ ਲੱਗੀ ਹੋਈ ਹੈ।

## ਮੀਤ ਹੇਅਰ ਵੱਲੋਂ ਵਿਕਾਸਮੁਖੀ ਤੇ ਲੋਕ ਪੱਖੀ ਬਜਟ ਲਈ ਮੁੱਖ ਮੰਤਰੀ ਤੇ ਵਿੱਤ ਮੰਤਰੀ ਦੀ ਸ਼ਲਾਘਾ

### ਬਜਟ ਵਿੱਚ ਖੇਡ ਨਰਸਰੀਆਂ, ਬਲਬੀਰ ਸਿੰਘ ਸੀਨੀਅਰ ਵਜ਼ੀਫ਼ਾ ਸਕੀਮ ਅਤੇ ਖੇਡ ਯੂਨੀਵਰਸਿਟੀ ਨੂੰ ਤਰਜੀਹ ਦੇਣ ਲਈ ਕੀਤਾ ਧੰਨਵਾਦ

ਚੰਡੀਗੜ੍ਹ, 5 ਮਾਰਚ (ਪੋਸਟ ਬਿਊਰੋ): ਪੰਜਾਬ ਦੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਤੀਜਾ ਬਜਟ ਪੇਸ਼ ਕਰਨ ਲਈ ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾ ਦੀ ਸ਼ਲਾਘਾ ਕਰਦਿਆਂ ਇਸ ਨੂੰ ਵਿਕਾਸਮੁਖੀ ਤੇ ਲੋਕ ਪੱਖੀ ਦੱਸਿਆ।ਮੀਤ ਹੇਅਰ ਨੇ ਖੇਡਾਂ ਨੂੰ ਵਿਸ਼ੇਸ਼ ਤਰਜੀਹ ਦੇਣ ਲਈ ਮੁੱਖ ਮੰਤਰੀ ਤੇ ਵਿੱਤ ਮੰਤਰੀ ਦਾ ਉਚੇਚਾ ਧੰਨਵਾਦ ਕੀਤਾ।ਇਸ ਬਜਟ ਦੇ ਨਾਲ ਸੂਬੇ ਵਿੱਚ ਖੇਡ ਨਰਸਰੀਆਂ ਬਣਾਉਣ ਦੀ ਸ਼ੁਰੂਆਤ ਹੋਵੇਗੀ।ਖੇਡਾਂ ਲਈ ਕੁੱਲ 272 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ।

ਮੀਤ ਹੇਅਰ ਨੇ ਅੱਜ ਇੱਥੇ ਜਾਰੀ ਪ੍ਰੈੱਸ ਬਿਆਨ ਵਿੱਚ ਕਿਹਾ ਕਿ ਸੂਬਾ ਸਰਕਾਰ ਨੇ ਜਿੱਥੇ ਪਿਛਲੇ ਦੋ ਸਾਲਾਂ ਵਿੱਚ ਸੂਬੇ ਦੀ ਅਰਥ ਵਿਵਸਥਾ ਨੂੰ ਮੁੜ ਲੀਹ ਉੱਤੇ ਲਿਆਉਣ ਦਾ ਕੰਮ ਕੀਤਾ ਉੱਥੇ ਸਿਹਤ, ਸਿੱਖਿਆ, ਖੇਤੀਬਾੜੀ, ਸੁਚਾਰੂ ਪ੍ਰਸ਼ਾਸਨ, ਖੇਡਾਂ ਆਦਿ ਦੇ ਖੇਤਰ ਵਿੱਚ ਇਨਕਲਾਬੀ ਕਦਮ ਚੁੱਕੇ ਹਨ। ਉਨ੍ਹਾਂ ਕਿਹਾ ਕਿ ਖੇਡਾਂ ਦੇ ਖੇਤਰ ਵਿੱਚ ਖੇਡ ਨਰਸਰੀਆਂ, ਹਾਕੀ ਓਲੰਪੀਅਨ ਬਲਬੀਰ ਸਿੰਘ ਸੀਨੀਅਰ ਵਜ਼ੀਫ਼ਾ ਸਕੀਮ ਅਤੇ ਖੇਡ ਯੂਨੀਵਰਸਿਟੀ ਨੂੰ ਤਰਜੀਹ ਦਿੰਦਿਆਂ ਵਿਸ਼ੇਸ਼ ਬਜਟ ਰੱਖਿਆ ਗਿਆ ਹੈ।

ਖੇਡ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਪੈਦਾ ਕਰਨ ਲਈ ਬਣਾਈ ਨਵੀਂ ਖੇਡ ਨੀਤੀ ਨੂੰ ਜ਼ਮੀਨੀ ਪੱਧਰ ਉੱਤੇ ਲਾਗੂ ਕਰਨ ਲਈ ਅੱਜ ਦੇ ਬਜਟ ਵਿੱਚ ਵਿਸ਼ੇਸ਼ ਧਿਆਨ ਦਿੱਤਾ ਗਿਆ ਹੈ। ਸੂਬੇ ਵਿੱਚ ਕੁੱਲ 1000 ਖੇਡ ਨਰਸਰੀਆਂ ਬਣਾਈਆਂ ਜਾਣੀਆਂ ਹਨ ਅਤੇ ਪ੍ਰਤੀ ਨਰਸਰੀ 60 ਖਿਡਾਰੀਆਂ ਦੇ ਹਿਸਾਬ ਨਾਲ ਕੁੱਲ 60000 ਖਿਡਾਰੀਆਂ ਦੀ ਕੋਚਿੰਗ, ਡਾਈਟ ਅਤੇ ਖੇਡ ਸਮਾਨ ਦਾ ਪ੍ਰਬੰਧ ਸਰਕਾਰ ਕਰੇਗੀ। ਪਹਿਲੇ ਪੜਾਅ ਵਿੱਚ ਸਥਾਪਤ ਕੀਤੀਆਂ ਜਾਣ ਵਾਲੀਆਂ 250 ਨਰਸਰੀਆਂ ਲਈ ਅੱਜ ਬਜਟ ਵਿੱਚ 50 ਕਰੋੜ ਰੁਪਏ ਰੱਖੇ ਗਏ ਹਨ।

## ਮੁੱਖ ਮੰਤਰੀ ਵੱਲੋਂ ਬਜਟ 2024-25 ਦੀ ਸ਼ਲਾਘਾ, ਸੂਬੇ ਦੇ ਵਿਆਪਕ ਵਿਕਾਸ ਲਈ 'ਰੰਗਲਾ ਪੰਜਾਬ' ਬਣਾਉਣ ਦੀ ਦਿਸ਼ਾ ਵੱਲ ਅਹਿਮ ਕਦਮ ਦੱਸਿਆ

### ਪਹਿਲੀ ਵਾਰ ਦੋ ਲੱਖ ਕਰੋੜ ਰੁਪਏ ਤੋਂ ਵੱਧ ਦਾ ਬਜਟ ਪੇਸ਼ ਕੀਤਾ ਗਿਆ



ਚੰਡੀਗੜ੍ਹ, 5 ਮਾਰਚ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਵਿਧਾਨ ਸਭਾ ਵਿੱਚ ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ ਪੇਸ਼ ਕੀਤੇ ਬਜਟ 2024-25 ਦੀ ਸ਼ਲਾਘਾ ਕਰਦਿਆਂ ਇਸ ਨੂੰ ਸੂਬੇ ਦੇ ਸਮੁੱਚੇ, ਬਰਾਬਰ ਅਤੇ ਵਿਆਪਕ ਵਿਕਾਸ ਰਾਹੀਂ 'ਰੰਗਲਾ ਪੰਜਾਬ' ਬਣਾਉਣ ਦੀ ਦਿਸ਼ਾ ਵੱਲ ਕਦਮ ਦੱਸਿਆ।

ਇੱਥੇ ਜਾਰੀ ਇੱਕ ਬਿਆਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ 'ਜ਼ੀਰੋ ਟੈਕਸ' ਬਜਟ ਵਿੱਚ ਸਾਰੇ ਮੁੱਖ ਖੇਤਰਾਂ ਜਿਵੇਂ ਸਿਹਤ, ਸਿੱਖਿਆ, ਬਿਜਲੀ, ਬੁਨਿਆਦੀ ਢਾਂਚਾ, ਉਦਯੋਗ, ਖੇਡਾਂ, ਸਮਾਜਿਕ ਸੁਰੱਖਿਆ ਅਤੇ ਹੋਰ ਖੇਤਰਾਂ ਵੱਲ ਵਿਸ਼ੇਸ਼ ਧਿਆਨ ਕੇਂਦਰਿਤ ਕੀਤਾ ਗਿਆ ਹੈ ਜੋ ਸੂਬੇ ਦੇ ਵਿਕਾਸ ਲਈ ਨਵੇਂ ਰਾਹ ਖੋਲ੍ਹੇਗਾ। ਉਨ੍ਹਾਂ ਕਿਹਾ ਕਿ ਇਹ ਬਜਟ ਸੂਬੇ ਦੇ ਸਮੁੱਚੇ ਵਿਕਾਸ ਦੀ ਗਤੀ ਨੂੰ ਹੋਰ ਤੇਜ਼ ਕਰੇਗਾ ਅਤੇ ਸਮਾਜ ਦੇ ਸਾਰੇ ਵਰਗਾਂ ਖਾਸ ਕਰ ਕੇ ਗਰੀਬ ਤੇ ਪਛੜੇ ਵਰਗਾਂ ਦੀ ਖ਼ੁਸ਼ਹਾਲੀ ਨੂੰ ਯਕੀਨੀ ਬਣਾਏਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਹਿਲੀ ਵਾਰ ਸੂਬੇ ਦਾ ਬਜਟ ਦੋ ਲੱਖ ਕਰੋੜ ਰੁਪਏ ਦੇ ਅੰਕੜੇ ਨੂੰ ਪਾਰ ਕਰ ਗਿਆ ਹੈ ਕਿਉਂਕਿ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਕਈ ਅਹਿਮ ਪਹਿਲਕਦਮੀਆਂ ਸ਼ੁਰੂ ਕੀਤੀਆਂ ਗਈਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ 2012-17 ਦੌਰਾਨ 8 ਫ਼ੀਸਦ ਤੇ 2017-22 ਦੌਰਾਨ 6 ਫ਼ੀਸਦ ਦੀ ਮਿਸ਼ਰਤ ਸਾਲਾਨਾ ਵਿਕਾਸ ਦਰ ਦੇ ਮੁਕਾਬਲੇ ਟੈਕਸ ਮਾਲੀਆ 13 ਫ਼ੀਸਦ ਰਿਹਾ, ਜਿਸ ਨਾਲ ਸਪੱਸ਼ਟ ਹੁੰਦਾ ਹੈ ਕਿ ਵਿਚਾਰਾਂ ਦੀ ਸਪੱਸ਼ਟਤਾ ਅਤੇ ਉਨ੍ਹਾਂ ਵਿਚਾਰਾਂ ਨੂੰ ਅਮਲ ਵਿੱਚ ਲਿਆਉਣ ਪ੍ਰਤੀ ਦ੍ਰਿੜਤਾ ਉਤੇ ਹੀ ਕੰਮ ਨੇਪਰੇ ਚੜ੍ਹਨਾ ਨਿਰਭਰ ਕਰਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਪੰਜਾਬ ਨੂੰ 'ਰੰਗਲਾ ਪੰਜਾਬ' ਬਣਾਉਣ ਦਾ ਵਾਅਦਾ ਕੀਤਾ ਸੀ ਅਤੇ ਇਸ ਮੰਤਵ ਲਈ ਸਰਕਾਰ ਵੱਲੋਂ ਮੁੱਖ ਖੇਤਰਾਂ ਜਿਵੇਂ ਬਿਹਤਰ ਸ਼ਾਸਨ, ਸਿੱਖਿਆ ਤੇ ਸਿਹਤ 'ਤੇ ਧਿਆਨ ਕੇਂਦਰਿਤ ਕੀਤਾ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਗਲੇ ਵਿੱਤੀ ਸਾਲ ਵਿੱਚ ਖੇਤੀਬਾੜੀ ਤੇ ਸਹਾਇਕ ਧੰਦਿਆਂ ਲਈ 13,784 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਕਿਸਾਨਾਂ ਨੂੰ ਕਣਕ ਝੋਨੇ ਦੇ ਚੱਕਰ ਵਿੱਚੋਂ ਬਾਹਰ ਕੱਢਣ ਲਈ ਵੱਖ-ਵੱਖ ਫ਼ਸਲੀ ਵਿਭਿੰਨਤਾ ਸਕੀਮਾਂ ਲਈ ਵਿੱਤੀ ਵਰ੍ਹੇ 2024-25 ਵਿੱਚ 575 ਕਰੋੜ ਰੁਪਏ ਅਲਾਟ ਕੀਤੇ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਵਿੱਤੀ ਵਰ੍ਹੇ 2024-25 ਵਿੱਚ ਖੇਤੀਬਾੜੀ ਲਈ ਬਿਜਲੀ ਸਬਸਿਡੀ ਵਾਸਤੇ 9,330 ਕਰੋੜ ਰੁਪਏ ਅਲਾਟ ਕੀਤੇ ਗਏ ਹਨ ਤਾਂ ਜੋ ਕਿਸਾਨਾਂ ਦੀ ਭਲਾਈ ਨੂੰ ਯਕੀਨੀ ਬਣਾਇਆ ਜਾ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬਠਿੰਡਾ, ਫਰੀਦਕੋਟ, ਫਿਰੋਜ਼ਪੁਰ ਅਤੇ ਮੁਕਤਸਰ ਜ਼ਿਲ੍ਹਿਆਂ ਨੂੰ ਲਾਭ ਪਹੁੰਚਾਉਣ ਲਈ ਲਗਭਗ 1,78,000 ਏਕੜ ਰਕਬੇ ਨੂੰ ਕਵਰ ਕਰਨ ਦੇ ਉਦੇਸ਼ ਨਾਲ ਨਵਾਂ ਮਾਲਵਾ ਨਹਿਰੀ ਪ੍ਰਾਜੈਕਟ ਬਣਾਉਣ ਦੀ ਤਜਵੀਜ਼ ਰੱਖੀ ਗਈ ਹੈ, ਜਿਸ ਨਾਲ ਜ਼ਮੀਨ ਹੇਠਲੇ ਪਾਣੀ 'ਤੇ ਨਿਰਭਰਤਾ ਘਟੇਗੀ ਅਤੇ ਹਾੜ੍ਹੀ ਸੀਜ਼ਨ ਦੌਰਾਨ ਬਿਆਸ-ਸਤਲੁਜ ਦਰਿਆ ਦੇ ਪੰਜਾਬ ਦੇ ਹਿੱਸੇ ਦੇ ਪਾਣੀ ਦੀ ਸੁਚੱਜੀ ਵਰਤੋਂ ਕੀਤੀ ਜਾ ਸਕੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਪਹਿਲੀ ਵਾਰ ਸਿੱਖਿਆ ਖੇਤਰ ਲਈ ਵਿੱਤੀ ਸਾਲ 2024-25 ਵਿੱਚ 16,987 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ ਜੋ ਕਿ ਕੁੱਲ ਖਰਚੇ ਦਾ ਲਗਭਗ 11.5 ਫੀਸਦੀ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ 100 ਕਰੋੜ ਰੁਪਏ ਸਕੂਲ ਆਫ਼ ਐਮੀਨੈਂਸ ਲਈ ਰੱਖੇ ਗਏ ਹਨ ਜਦਕਿ ਸਿੱਖਿਆ ਦੇ ਖੇਤਰ ਨੂੰ ਹੋਰ ਹੁਲਾਰਾ ਦੇਣ ਲਈ ਸਕੂਲ ਆਫ਼ ਬ੍ਰਿਲੀਅਨਜ਼ ਅਤੇ ਸਕਿੱਲ ਐਜੂਕੇਸ਼ਨ ਪ੍ਰਦਾਨ ਕਰਨ ਲਈ "ਸਕੂਲ ਆਫ਼ ਅਪਲਾਈਡ ਲਰਨਿੰਗ" ਅਤੇ ਵਿਦਿਆਰਥੀਆਂ ਦੀ ਸਮੁੱਚੇ ਵਿਕਾਸ ਲਈ ਸਕੂਲ ਆਫ਼ ਹੈਪੀਨੈੱਸ ਵਾਸਤੇ 10-10 ਕਰੋੜ ਰੁਪਏ ਦੀ ਤਜਵੀਜ਼ ਰੱਖੀ ਗਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਸਿਹਤ ਖੇਤਰ ਲਈ 5264 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਆਰਥਿਕ ਸੂਝ-ਬੂਝ ਨਾਲ ਤਿਆਰ ਕੀਤਾ ਗਿਆ ਵਿੱਤੀ ਵਰ੍ਹੇ 2024-25 ਦਾ ਬਜਟ, ਸਰੋਤ ਜੁਟਾ ਕੇ ਮਾਲੀਆ ਵਧਾਉਣ 'ਤੇ ਧਿਆਨ ਕੇਂਦਰਿਤ ਕਰਦਿਆਂ ਵਿੱਤੀ ਘਾਟੇ ਨੂੰ ਘਟਾਉਣ ਦੇ ਨਾਲ-ਨਾਲ ਵਿੱਤੀ ਅਨੁਸ਼ਾਸਨ ਨੂੰ ਹੋਰ ਮਜ਼ਬੂਤ ਕਰੇਗਾ। ਉਨ੍ਹਾਂ ਕਿਹਾ ਕਿ ਇਸ ਬਜਟ ਨਾਲ ਸਾਡਾ ਸੂਬਾ ਹੁਣ ਵਿਕਾਸ ਅਤੇ ਖ਼ੁਸ਼ਹਾਲੀ ਦੀਆਂ ਸਿਖਰਾਂ ਛੂਹੇਗਾ। ਭਗਵੰਤ ਸਿੰਘ ਮਾਨ ਨੇ ਉਮੀਦ ਜਤਾਈ ਕਿ ਮੌਜੂਦਾ ਬਜਟ ਉਦਯੋਗਿਕ ਖੇਤਰ ਦੀ ਸੁਰਜੀਤੀ ਦੇ ਨਾਲ-ਨਾਲ ਸੂਬੇ ਦੀ ਖੇਤੀ ਆਰਥਿਕਤਾ ਨੂੰ ਹੁਲਾਰਾ ਦੇਣ ਲਈ ਇਕ ਖ਼ਾਕੇ ਵਜੋਂ ਕੰਮ ਕਰੇਗਾ।

ਮੁੱਖ ਮੰਤਰੀ ਨੇ ਮੌਜੂਦਾ ਬਜਟ ਨੂੰ ਮੀਲ ਪੱਥਰ ਕਰਾਰ ਦਿੰਦਿਆਂ ਕਿਹਾ ਕਿ ਨੇੜਲੇ ਭਵਿੱਖ ਵਿੱਚ ਇਹ ਬਜਟ ਪੰਜਾਬ ਦੇ ਲੋਕਾਂ ਦੀਆਂ ਉਮੀਦਾਂ ਨੂੰ ਪੂਰਾ ਕਰਨ ਲਈ ਵਿਕਾਸ ਅਤੇ ਪ੍ਰਗਤੀ ਦੇ ਨਵੇਂ ਦਿਸਹੱਦੇ ਸਥਾਪਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ। ਉਨ੍ਹਾਂ ਕਿਹਾ ਕਿ ਇਹ ਬਜਟ ਸੂਬਾ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਨੂੰ ਦਰਸਾਉਂਦਾ ਹੈ ਅਤੇ ਇਸ ਦਾ ਉਦੇਸ਼ ਸਮਾਜ ਦੇ ਸਭ ਤੋਂ ਕਮਜ਼ੋਰ ਅਤੇ ਗਰੀਬ ਵਰਗ ਦੇ ਲੋਕਾਂ ਦੀ ਸਹੀ ਮਾਅਨਿਆਂ ਵਿੱਚ ਸੇਵਾ ਕਰਨਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬਜਟ ਸਰਬਪੱਖੀ ਵਿਕਾਸ ਅਤੇ ਖ਼ੁਸ਼ਹਾਲੀ ਦੇ ਉਦੇਸ਼ ਦੀ ਪ੍ਰਾਪਤੀ ਲਈ ਆਪ ਸਰਕਾਰ ਦੀ ਵਿਵਹਾਰਕ ਪਹੁੰਚ ਦਾ ਨਤੀਜਾ ਹੈ।

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca




Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA
Professional Corporation
214-7895 Tranmere Drive, Mississauga ON L5S 1V9




ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal
Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com





ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com





# ਸਿੰਗਾਪੁਰ 'ਚ ਭਾਰਤੀ ਮੂਲ ਦੇ ਸਾਬਕਾ ਮੰਤਰੀ ਨੂੰ ਭ੍ਰਿਸ਼ਟਾਚਾਰ ਮਾਮਲੇ 'ਚ ਮਿਲੀ ਰਾਹਤ, ਦੇਸ਼ ਤੋਂ ਬਾਹਰ ਜਾਣ ਦੀ ਮਿਲੀ ਅਗਿਆ

ਸਿੰਗਾਪੁਰ, 5 ਮਾਰਚ (ਪੋਸਟ ਬਿਊਰੋ): ਸਿੰਗਾਪੁਰ ਵਿਚ ਭਾਰਤੀ ਮੂਲ ਦੇ ਇੱਕ ਸਾਬਕਾ ਮੰਤਰੀ ਨੂੰ ਭ੍ਰਿਸ਼ਟਾਚਾਰ ਦੇ ਮਾਮਲੇ ਵਿਚ ਰਾਹਤ ਮਿਲੀ ਹੈ। ਉਨ੍ਹਾਂ ਨੂੰ ਸਿੰਗਾਪੁਰ ਤੋਂ ਬਾਹਰ ਜਾਣ ਦੀ ਇਜਾਜ਼ਤ ਮਿਲ ਗਈ ਹੈ। ਭਾਰਤੀ ਮੂਲ ਦੇ ਇਸ ਸਾਬਕਾ ਟਰਾਂਸਪੋਰਟ ਮੰਤਰੀ ਐੱਸ ਈਸਵਰਨ ਹਨ। ਉਨ੍ਹਾਂ 'ਤੇ ਭ੍ਰਿਸ਼ਟਾਚਾਰ ਦੇ ਦੋ ਦੋਸ਼ ਲਾਏ ਗਏ ਹਨ। ਇਸ ਵਿਰੁੱਧ ਵਕੀਲ ਨੇ ਅਦਾਲਤ ਵਿਚ ਅਰਜ਼ੀ ਦਾਇਰ ਕੀਤੀ ਸੀ।



ਜਾਣਕਾਰੀ ਮੁਤਾਬਕ ਸਿੰਗਾਪੁਰ ਦੇ ਸਾਬਕਾ ਭਾਰਤੀ ਮੂਲ ਦੇ ਟਰਾਂਸਪੋਰਟ ਮੰਤਰੀ ਐੱਸ ਈਸਵਰਨ ਨੂੰ ਸੋਮਵਾਰ ਨੂੰ ਆਸਟ੍ਰੇਲੀਆ 'ਚ ਬੀਮਾਰ ਹੋਣ ਤੋਂ ਬਾਅਦ 16 ਦਿਨਾਂ ਲਈ ਸਿੰਗਾਪੁਰ ਤੋਂ ਬਾਹਰ ਰਹਿਣ ਦੀ ਇਜਾਜ਼ਤ ਦਿੱਤੀ ਗਈ ਹੈ। ਉਨ੍ਹ 'ਤੇ ਭ੍ਰਿਸ਼ਟਾਚਾਰ ਦੇ ਦੋਸ਼ ਲੱਗੇ ਹਨ। ਇਹ ਇਜਾਜ਼ਤ ਵਕੀਲ ਦੀ ਅਰਜ਼ੀ ਤੋਂ ਬਾਅਦ ਮਿਲੀ ਹੈ।

ਈਸ਼ਵਰਨ 'ਤੇ ਭ੍ਰਿਸ਼ਟਾਚਾਰ ਦੇ ਦੋ ਦੋਸ਼ਾਂ ਸਮੇਤ ਕਈ ਦੋਸ਼ ਹਨ। ਪਿਛਲੇ ਮਹੀਨੇ ਉਸ ਨੂੰ ਸਿੰਗਾਪੁਰ ਛੱਡ ਕੇ 16 ਫਰਵਰੀ ਤੋਂ 4 ਮਾਰਚ ਤੱਕ ਆਪਣੇ ਬੇਟੇ ਨੂੰ ਯੂਨੀਵਰਸਿਟੀ ਭੇਜਣ ਲਈ ਆਸਟ੍ਰੇਲੀਆ ਜਾਣ ਦੀ ਇਜਾਜ਼ਤ ਦਿੱਤੀ ਗਈ ਸੀ।

# ਦੁਨੀਆਂ ਦੀ ਸਭ ਤੋਂ ਬਜ਼ੁਰਗ ਔਰਤ ਨੇ 117ਵਾਂ ਜਨਮ ਦਿਨ ਮਨਾਇਆ

ਮੈਡ੍ਰਿਡ, 5 ਮਾਰਚ (ਪੋਸਟ ਬਿਊਰੋ): ਦੁਨੀਆਂ ਦੀ ਸਭ ਤੋਂ ਬਜ਼ੁਰਗ ਔਰਤ ਨੇ ਸੋਮਵਾਰ ਨੂੰ ਆਪਣਾ 117ਵਾਂ ਜਨਮਦਿਨ ਧੂਮਧਾਮ ਨਾਲ ਮਨਾਇਆ। ਜਾਣਕਾਰੀ ਮੁਤਾਬਕ ਸਪੇਨ ਦੇ ਕੈਟਾਲੋਨੀਆ 'ਚ ਰਹਿਣ ਵਾਲੀ ਮਾਰੀਆ ਬ੍ਰਾਨਿਆਸ ਮੋਰੇਰਾ ਇਸ ਸਮੇਂ ਦੁਨੀਆਂ ਦੀ ਸਭ ਤੋਂ ਬਜ਼ੁਰਗ ਔਰਤ ਹਨ। ਮੋਰੇਰਾ ਦਾ ਜਨਮ 4 ਮਾਰਚ, 1907 ਨੂੰ ਸੈਨ ਫਰਾਂਸਿਸਕੋ, ਸੰਯੁਕਤ ਰਾਜ ਅਮਰੀਕਾ ਵਿਚ ਹੋਇਆ ਸੀ ਅਤੇ ਵਰਤਮਾਨ ਵਿਚ ਕੈਟਾਲੋਨੀਆ ਵਿਚ ਰਹਿੰਦੇ ਹਨ। ਉਨ੍ਹਾਂ ਨੇ 8 ਸਾਲ ਦੀ ਉਮਰ ਵਿਚ ਅਮਰੀਕਾ ਛੱਡ ਦਿੱਤਾ ਸੀ ਅਤੇ ਉਨ੍ਹਾਂ ਦਾ ਜਨਮ ਦਿਨ ਉਸ ਨਰਸਿੰਗ ਹੋਮ ਵਿਚ ਮਨਾਇਆ ਗਿਆ ਜਿੱਥੇ ਉਹ ਪਿਛਲੇ 23 ਸਾਲਾਂ ਤੋਂ ਰਹਿ ਰਹੇ ਸਨ।

ਗਿਨੀਜ਼ ਵਰਲਡ ਰਿਕਾਰਡਜ਼ ਨੇ ਜਨਵਰੀ 2023 ਵਿਚ ਮੋਰੇਰਾ ਨੂੰ ਦੁਨੀਆ ਦੇ ਸਭ ਤੋਂ ਬਜ਼ੁਰਗ ਹੋਣ ਦਾ ਖਿਤਾਬ ਦਿੱਤਾ ਸੀ। ਉਸ ਤੋਂ ਪਹਿਲਾਂ ਇਹ ਖਿਤਾਬ ਫਰਾਂਸ ਦੀ ਰਹਿਣ ਵਾਲੀ



ਲੂਸੀਲ ਰੈਂਡਨ ਦੇ ਨਾਂ ਸੀ, ਜਿਸ ਦੀ 118 ਸਾਲ ਦੀ ਉਮਰ 'ਚ ਮੌਤ ਹੋ ਗਈ ਸੀ। ਮੋਰੀਰਾ ਦੇ ਨਰਸਿੰਗ ਹੋਮ ਦੀ ਨਿਰਦੇਸ਼ਕ ਈਵਾ ਕੈਰੇਰਾ ਬੋਇਕਸ ਨੇ ਗਿਨੀਜ਼ ਵਰਲਡ ਰਿਕ-ਾਰਡ ਨੂੰ ਦੱਸਿਆ, 'ਉਹ ਲੋਕਾਂ ਤੋਂ ਮਿਲ ਰਹੀਆਂ ਵਧਾਈਆਂ ਅਤੇ ਆਪਣੀ ਸਿਹਤ ਲਈ ਉਨ੍ਹਾਂ ਦੀ ਚਿੰਤਾ ਤੋਂ ਬਹੁਤ ਪ੍ਰਭਾਵਿਤ ਹਨ।' ਉਨ੍ਹਾਂ ਨੇ ਕਿਹਾ ਕਿ ਮੋਰੀਰਾ ਆਪਣੇ ਪਰਿਵਾਰ ਅਤੇ ਸਹਿਯੋਗੀਆਂ ਨਾਲ ਇਸ ਦਿਨ ਨੂੰ ਮਨਾ ਕੇ ਬਹੁਤ ਖੁਸ਼ ਹਨ।

# ਕੋਟਕਪੂਰਾ ਸ਼ੋਸ਼ਲ ਵੈਲਫੇਅਰ ਕੌਂਸਲ ਦੇ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜ ਪ੍ਰਸੰਸਾਯੋਗ : ਸਪੀਕਰ ਸੰਧਵਾਂ

ਕੋਟਕਪੂਰਾ, 5 ਮਾਰਚ (ਗਿਆਨ ਸਿੰਘ): ਕੋਟਕਪੂਰਾ ਸ਼ੋਸ਼ਲ ਵੈਲਫੇਅਰ ਕੌਂਸਲ (ਰਜਿ:) ਵਲੋਂ ਪਿਛਲੇ ਕਰੀਬ 3 ਦਹਾਕਿਆਂ ਤੋਂ ਗਰੀਬ ਤੇ ਜਰੂਰਤਮੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਸਮਾਰੋਹਾਂ ਵਿੱਚ ਯੋਗਦਾਨ ਪਾਉਣ ਬਦਲੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ.ਕੁਲਤਾਰ ਸਿੰਘ ਸੰਧਵਾਂ ਵਲੋਂ ਸੰਸਥਾ ਦੇ ਪ੍ਰਧਾਨ ਮਨਮੋਹਨ ਸ਼ਰਮਾ ਅਤੇ ਪ੍ਰੈਸ ਸਕੱਤਰ ਗੁਰਿੰਦਰ ਸਿੰਘ ਮਹਿੰਦੀਰੱਤਾ ਨੂੰ ਇਕ ਲੱਖ ਰੁਪਏ ਦਾ ਚੈੱਕ ਸੌਂਪਦਿਆਂ ਸੰਸਥਾ ਦੇ ਉਕਤ ਉਪਰਾਲੇ ਦੀ ਭਰਪੂਰ ਪ੍ਰਸੰਸਾ ਕੀਤੀ।

ਇਸ ਮੌਕੇ ਸੰਸਥਾ ਦੇ ਸਰਗਰਮ ਮੈਂਬਰ ਨੱਥੂ ਰਾਮ ਪਰਜਾਪਤ ਸਮੇਤ ਹੋਰ ਵੀ ਅਨੇਕਾਂ ਪਤਵੰਤੇ ਹਾਜਰ ਸਨ। ਮਨਮੋਹਨ ਸ਼ਰਮਾ ਨੇ ਸਪੀਕਰ ਸੰਧਵਾਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਪਿਛਲੇ ਕਰੀਬ 28 ਸਾਲਾਂ ਤੋਂ ਸੰਸਥਾ ਵਲੋਂ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਸਮਾਰੋਹਾਂ ਦਾ ਬਕਾਇਦਾ ਪ੍ਰਬੰਧ ਕੀਤਾ ਜਾ ਰਿਹਾ ਹੈ ਤੇ ਕੋਵਿਡ ਤੋਂ ਪਹਿਲਾਂ ਕਈ ਵਾਰ 51, 61 ਅਤੇ 71-71 ਲੜਕੀਆਂ ਦੇ ਆਨੰਦ ਕਾਰਜ ਸਫਲਤਾਪੂਰਵਕ ਨੇਪਰੇ ਚੜਾ ਕੇ ਉਹਨਾਂ ਨੂੰ ਨਿੱਤ ਵਰਤੋਂ ਵਾਲਾ ਹਰ ਤਰਾਂ ਦਾ ਸਮਾਨ



ਦਾਜ ਦੇ ਰੂਪ ਵਿੱਚ ਦਿੱਤਾ ਗਿਆ, ਹਰ ਵਾਰ ਬਰਾਤੀਆਂ ਅਤੇ ਵਿਆਂਦੜ ਲੜਕੀਆਂ ਦੇ ਰਿਸ਼ਤੇਦਾਰਾਂ ਦਾ ਸ਼ਾਨਦਾਰ ਸੁਆਗਤ ਅਤੇ ਖਾਣ ਪੀਣ ਦੇ ਵਧੀਆ ਸਮਾਨ ਦਾ ਪ੍ਰਬੰਧ ਵੀ ਕੀਤਾ ਗਿਆ। ਮਨਮੋਹਨ ਸ਼ਰਮਾ ਨੇ ਦੱਸਿਆ ਕਿ ਪਿਛਲੇ ਸਾਲ ਸਪੀਕਰ ਸੰਧਵਾਂ ਵਲੋਂ ਇਕ ਲੱਖ ਰੁਪਏ ਦੀ ਐਲਾਨੀ ਗਈ ਰਾਸ਼ੀ ਦਾ ਜਦੋਂ ਚੈੱਕ ਉਹਨਾਂ ਦੇ ਭਰਾ ਐਡਵੋਕੇਟ ਬੀਰਇੰਦਰ ਸਿੰਘ ਸੰਧਵਾਂ ਸੌਂਪਣ ਲਈ ਆਏ ਸਨ ਤਾਂ ਉਹਨਾਂ ਆਖਿਆ ਸੀ ਕਿ ਸਪੀਕਰ ਸੰਧਵਾਂ ਵਲੋਂ ਕਿਸੇ ਵੀ ਆਪਣੇ ਜਾਂ ਬੇਗਾਨੇ ਨੂੰ ਲਾਰਾ ਨਹੀਂ ਲਾਇਆ ਜਾਂਦਾ, ਉਹ ਜੋ ਕੁਝ ਕਹਿੰਦੇ ਹਨ। ਉਸ 'ਤੇ 100 ਫੀਸਦੀ ਪੂਰੇ ਉਤਰਦੇ ਹਨ। ਐਡਵੋਕੇਟ ਸੰਧਵਾਂ ਨੇ ਇਹ ਗੱਲ ਸੈਂਕੜੇ ਲੋਕਾਂ ਦੇ ਇਕੱਠ ਵਿੱਚ ਵਿਆਹ ਸਮਾਰੋਹ ਮੌਕੇ ਸਟੇਜ ਉਪਰੋਂ ਵੀ ਦੁਹਰਾਈ ਸੀ, ਜਿਸ ਦੀ ਕੋਟਕਪੂਰਾ ਸ਼ੋਸ਼ਲ ਵੈਲਫੇਅਰ ਕੌਂਸਲ ਦੀ ਸਮੁੱਚੀ ਟੀਮ ਵਲੋਂ ਵੀ ਪ੍ਰਸੰਸਾ ਕੀਤੀ ਗਈ ਸੀ।

ਸਪੀਕਰ ਸੰਧਵਾਂ ਨੇ ਵਿਸ਼ਵਾਸ਼ ਦਿਵਾਇਆ ਕਿ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜ ਕਰਨ ਵਾਲੀਆਂ ਸੰਸਥਾਵਾਂ ਅਤੇ ਜਥੇਬੰਦੀਆਂ ਨੂੰ ਫੰਡ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਮਨਪ੍ਰੀਤ ਸਿੰਘ ਮਨੀ ਧਾਲੀਵਾਲ, ਅਮਨਦੀਪ ਸਿੰਘ ਸੰਧੂ, ਦੀਪਕ ਮੌਂਗਾ, ਹਰਵਿੰਦਰ ਸਿੰਘ ਮਰਵਾਹਾ ਸਮੇਤ ਹੋਰ ਵੀ ਅਨੇਕਾਂ ਸ਼ਖਸ਼ੀਅਤਾਂ ਅਤੇ 'ਆਪ' ਆਗੂ ਹਾਜਰ ਸਨ।






ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664








**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**






# ਲਿੰਗਕ ਨਾ-ਬਰਾਬਰੀ ਦਾ ਸ਼ਿਕਾਰ ਭਾਰਤੀ ਨਾਰੀ



-ਗੁਰਮੀਤ ਸਿੰਘ ਪਲਾਹੀ-

ਵਿਸ਼ਵ ਲਿੰਗਕ ਨਾ-ਬਰਾਬਰੀ ਰਿਪੋਰਟ-2022 ਅਨੁਸਾਰ ਭਾਰਤ ਵਿਸ਼ਵ ਦੇ 146 ਦੇਸ਼ਾਂ ਵਿਚੋਂ 48 ਵੇਂ ਦਰਜੇ 'ਤੇ ਹੈ, ਜਦਕਿ ਸਾਡੇ ਗੁਆਂਢੀ ਮੁਲਕ ਬੰਗਲਾ ਦੇਸ਼ ਦਾ ਰੈਂਕ 9ਵਾਂ ਹੈ। ਦੇਸ਼ ਭਾਰਤ, ਵਿਸ਼ਵ ਦੀ ਤੀਜੀ ਵੱਡੀ ਅਰਥ ਵਿਵਸਥਾ ਬਨਣ ਦੇ ਗੇੜ ਵਿੱਚ ਹੈ, ਪਰ ਦੇਸ਼ 'ਚ ਗਰੀਬ-ਅਮੀਰ ਦਾ ਪਾੜਾ ਵਧ ਰਿਹਾ ਹੈ ਅਤੇ ਔਰਤਾਂ ਨੂੰ ਮਰਦਾਂ ਦੇ ਬਰਾਬਰ ਅਧਿਕਾਰ ਪ੍ਰਾਪਤ ਕਰਨ 'ਚ ਦੇਸ਼ ਲਗਾਤਾਰ ਪੱਛੜ ਰਿਹਾ ਹੈ।

ਆਰਥਿਕ ਤੇ ਸਿਆਸੀ ਤੌਰ 'ਤੇ ਹੀ ਨਹੀਂ, ਸਮਾਜਿਕ ਤੌਰ 'ਤੇ ਵੀ ਦੇਸ਼ ਭਾਰਤ 'ਚ ਲਿੰਗਕ ਅਸਮਾਨਤਾ ਹੈ। ਦੇਸ਼ 'ਚ ਔਰਤਾਂ ਨੂੰ ਮਰਦਾਂ ਦੇ ਬਰਾਬਰ ਮਜ਼ਦੂਰੀ ਨਹੀਂ ਮਿਲਦੀ, ਸਮਾਜਿਕ ਤੌਰ 'ਤੇ ਤ੍ਰਿਸਕਾਰ ਇੰਨਾ ਕਿ ਹਾਲੇ ਵੀ ਦੇਸ਼ ਦੇ ਕੁਝ ਖੇਤਰਾਂ 'ਚ ਉਸ ਨਾਲ ਹੱਦੋ ਵੱਧ ਭੈੜਾ ਸਲੂਕ ਹੁੰਦਾ ਹੈ। ਉਹਨਾ ਨੂੰ ਡੈਣ ਤੱਕ ਕਿਹਾ ਜਾਂਦਾ ਹੈ। ਲੜਕੀਆਂ ਨੂੰ ਲੜਕਿਆਂ ਦੇ ਬਰਾਬਰ ਦੀ ਪਾਲਣ-ਪੋਸ਼ਣ ਅਤੇ ਸਿੱਖਿਆ ਨਹੀਂ। ਖਾਣ-ਪੀਣ 'ਚ ਵੀ ਘਰਾਂ 'ਚ ਦਰੇਗ ਹੁੰਦਾ ਹੈ ਅਤੇ ਕਈ ਥਾਈਂ ਤਾਂ ਹਾਲਤ ਇਹੋ ਜਿਹੇ ਹਨ ਕਿ ਉਹਨਾ ਦੇ ਜੰਮਣ 'ਤੇ ਵੀ ਪਾਬੰਦੀ ਹੈ, ਭਾਵ ਕੁੱਖਾਂ ਵਿੱਚ ਹੀ ਉਸ ਨੂੰ ਮਾਰ ਦਿੱਤਾ ਜਾਂਦਾ ਹੈ। ਸਿੱਟਾ ਦੇਸ਼ ਵਿੱਚ ਇਸ ਵੇਲੇ ਮਰਦ ਔਰਤ, ਅਨੁਪਾਤ 1000 ਮਰਦਾਂ ਪਿੱਛੇ 952 ਔਰਤਾਂ ਹਨ।

ਭਾਰਤ ਦੇਸ਼ ਵਿੱਚ ਲਿੰਗ ਭੇਦ ਭਾਵ ਦੀਆਂ ਜੜ੍ਹਾਂ ਬਹੁਤ ਡੂੰਘੀਆਂ ਅਤੇ ਮਜ਼ਬੂਤ ਹਨ। ਲਿੰਗਕ ਨਾ-ਬਰਾਬਰੀ ਦੇਸ਼ ਵਿੱਚ ਇਸ ਕਦਰ ਪੈਰ ਪਸਾਰ ਚੁੱਕੀ ਹੈ ਕਿ ਅਕਸਰ ਵੇਖਣ ਨੂੰ ਮਿਲਦਾ ਹੈ ਕਿ ਘਰ ਵਿੱਚ ਲਏ ਫ਼ੈਸਲਿਆਂ 'ਚ ਔਰਤਾਂ ਦੀ ਕੋਈ ਭੂਮਿਕਾ ਹੀ ਨਹੀਂ। ਇਥੇ ਹੀ ਬੱਸ ਨਹੀਂ ਸਮਾਜਿਕ ਸੰਗਠਨਾਂ 'ਚ ਵੀ ਔਰਤਾਂ ਦੀ ਭੂਮਿਕਾ ਨਾ ਮਾਤਰ ਹੈ। ਸਿਆਸੀ ਖੇਤਰ 'ਚ ਤਾਂ ਉਹ ਹੱਦੋਂ ਵੱਧ ਪਿੱਛੇ ਧੱਕੀਆਂ ਗਈਆਂ ਹੋਈਆਂ ਹਨ। ਦੇਸ ਦੀ ਪਹਿਲੀ ਲੋਕ ਸਭਾ 'ਚ ਸਿਰਫ਼ 5 ਫ਼ੀਸਦੀ ਔਰਤਾਂ ਹੀ ਦੇਸ਼ ਦੀ ਪਾਰਲੀਮੈਂਟ ਵਿੱਚ ਬੈਠ ਸਕੀਆਂ ਸਨ। ਇੰਜ ਦੇਸ਼ ਦੇ ਨੀਤੀ ਨਿਰਧਾਰਨ 'ਚ ਖ਼ਾਸ ਕਰਕੇ ਔਰਤਾਂ ਪ੍ਰਤੀ ਨੀਤੀਆਂ ਘੜਨ 'ਚ ਉਹਨਾ ਦੀ ਭੂਮਿਕਾ ਨਾ ਮਾਤਰ ਹੀ ਰਹੀ ਹੈ।

ਭਾਰਤੀ ਨਾਰੀ, ਜਿਥੇ ਮਰਦ ਪ੍ਰਧਾਨ ਸਮਾਜ 'ਚ ਮਾਨਸਿਕ ਪੀੜਾਂ ਵਿਚੋਂ ਲੰਘ ਰਹੀ ਹੈ, ਉਥੇ ਜਿਸਮਾਨੀ ਤੌਰ 'ਤੇ ਵੀ ਉਸਦਾ ਬੇਹੱਦ ਸੋਸ਼ਣ ਹੁੰਦਾ ਹੈ। ਘਰੇਲੂ ਕਿਰਤ ਤੋਂ ਬਿਨ੍ਹਾਂ ਪਰਿਵਾਰ ਦੇ ਪਾਲਣ ਪੋਸ਼ਣ ਲਈ ਉਸਦੀ ਜਿਸਮਾਨੀ ਮਿਹਨਤ ਦਾ ਉਸਨੂੰ ਇਵਜ਼ਾਨਾ ਨਹੀਂ ਮਿਲਦਾ। ਦੇਸ਼ ਦੀ ਖੇਤੀਬਾੜੀ ਵਿੱਚ ਔਰਤਾਂ ਦੀ ਕਿਰਤ ਦਾ ਹਿੱਸਾ 62.9 ਫ਼ੀਸਦੀ ਹੈ, ਪਰ ਉਹਨੂੰ ਤਾਂ ਕਈ ਹਾਲਤਾਂ ਵਿੱਚ ਢਿੱਡ ਭਰਕੇ ਰੋਟੀ ਵੀ ਨਸੀਬ ਨਹੀਂ ਹੁੰਦੀ। ਕਿੱਡਾ ਵੱਡਾ ਤ੍ਰਿਸਕਾਰ ਅਤੇ ਵਿਤਕਰਾ ਹੈ ਇਹ!

ਦੇਸ਼ ਦੀ ਆਜ਼ਾਦੀ ਦੀ ਪੌਣੀ ਸਦੀ ਬੀਤਣ ਅਤੇ ਭਾਰਤੀ ਸੰਵਿਧਾਨ ਵਿੱਚ ਬਰਾਬਰ ਦੇ ਹੱਕ ਪ੍ਰਦਾਨ ਕੀਤੇ ਜਾਣ ਦੇ ਬਾਵਜੂਦ ਵੀ ਭਾਰਤੀ ਨਾਰੀ ਦੇ ਦੇਸ਼ ਵਿੱਚ ਹਾਲਾਤ ਸੁਖਾਵੇਂ ਨਹੀਂ। ਭਾਵੇਂ ਦੇਸ਼ ਦੇ ਕੁਝ ਖਿੱਤਿਆਂ 'ਚ ਉਸਨੂੰ ਸਨਮਾਨਜਨਕ ਹੱਕ ਮਿਲੇ ਹਨ, ਸਿੱਖਿਆ ਪਰਾਪਤੀ ਅਤੇ ਮੁੜ ਨੌਕਰੀਆਂ 'ਚ ਵੀ ਉਸਨੂੰ ਕੁਝ ਹਿੱਸਾ ਮਿਲਿਆ ਹੈ, ਪਰ ਦੇਸ਼ ਦੀ ਆਬਾਦੀ ਦਾ ਲਗਭਗ 'ਅੱਧ' ਹੋਣ 'ਤੇ ਵੀ ਉਸਨੂੰ ਬਹੁਤੀਆਂ ਚਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਹੁਣੇ ਜਿਹੇ ਭਾਰਤ ਦੀ 17ਵੀਂ ਪਾਰਲੀਮੈਂਟ ਵਿੱਚ 106 ਵੀਂ ਸੋਧ ਔਰਤਾਂ ਅਤੇ ਮਰਦਾਂ 'ਚ ਅਸਮਾਨਤਾ ਦਾ ਖੱਪਾ ਪੂਰਿਆਂ ਕਰਨ ਲਈ ਕੀਤੀ ਗਈ ਹੈ, ਜਿਸ ਅਨੁਸਾਰ ਲੋਕ ਸਭਾ, ਦੇਸ਼ ਦੀਆਂ ਸਾਰੀਆਂ ਵਿਧਾਨ ਸਭਾਵਾਂ, ਦਿੱਲੀ ਅਸੰਬਲੀ ਵਿੱਚ ਕੁੱਲ ਸੀਟਾਂ ਦਾ ਤੀਜਾ ਹਿੱਸਾ ਔਰਤਾਂ ਲਈ ਰਾਖਵਾਂ ਕੀਤਾ ਗਿਆ ਹੈ। ਮੌਜੂਦਾ ਲੋਕ ਸਭਾ (2019-2024) ਵਿੱਚ ਔਰਤਾਂ ਦੀ ਗਿਣਤੀ ਮਸਾਂ 15 ਫ਼ੀਸਦੀ ਹੈ ਅਤੇ ਵਿਧਾਨ ਸਭਾਵਾਂ 'ਚ ਇਹਨਾ ਦੀ ਗਿਣਤੀ ਮਸਾਂ 9 ਫ਼ੀਸਦੀ ਹੈ।

ਪਰ ਹੈਰਾਨੀ ਦੀ ਗੱਲ ਹੈ ਕਿ ਇਹ ਕਾਨੂੰਨ ਉਸ ਵੇਲੇ ਲਾਗੂ ਗਿਣਿਆ ਜਾਏਗਾ, ਜਦੋਂ ਭਾਰਤ ਵਿੱਚ ਮਰਦਮਸ਼ੁਮਾਰੀ ਹੋਣ ਉਪਰੰਤ ਉਸਦੇ ਅੰਕੜੇ ਛਪਣਗੇ। 2021 'ਚ ਹੋਣ ਵਾਲੀ ਮਰਦਮਸ਼ੁਮਾਰੀ ਕਰੋਨਾ ਦੀ ਭੇਂਟ ਚੜ੍ਹ ਗਈ ਸੀ। ਅਤੇ ਹਾਲੇ ਨੇੜ ਭਵਿੱਖ 'ਚ ਇਹ ਮਰਦਮਸ਼ੁਮਾਰੀ ਹੋਣ ਦੀ ਸੰਭਾਵਨਾ ਨਹੀਂ। ਜੇਕਰ 2025 ਜਾਂ 2026 'ਚ ਮਰਦਮਸ਼ੁਮਾਰੀ ਹੋ ਜਾਂਦੀ ਹੈ ਤਦ ਵੀ ਅੰਕੜੇ ਛਾਪਣ ਲਈ ਘੱਟੋ-ਘੱਟ ਦੋ ਸਾਲ ਲਗਦੇ ਹਨ। ਜਿਸਦਾ ਸਿੱਧਾ ਅਰਥ ਅਤੇ ਅੰਦਾਜ਼ਾ ਇਹ ਹੈ ਕਿ ਇਹ ਕਾਨੂੰਨ 2029 ਦੀਆਂ ਚੋਣਾਂ 'ਚ ਸ਼ਾਇਦ ਹੀ ਲਾਗੂ ਹੋ ਸਕੇ। ਉਂਜ ਇਹ ਕਾਨੂੰਨ ਲਾਗੂ ਹੋਣ ਤੋਂ ਬਾਅਦ 15 ਸਾਲਾਂ ਲਈ ਗਿਣਿਆ ਜਾਏਗਾ।

ਅਸਲ ਵਿੱਚ ਦੇਸ਼ ਦੇ ਹਾਕਮ ਸਮੇਂ-ਸਮੇਂ 'ਤੇ ਔਰਤਾਂ ਦੀਆਂ ਵੋਟਾਂ ਹਥਿਆਉਣ ਲਈ ਨਵੇਂ ਕਾਨੂੰਨ ਬਨਾਉਣ ਦੇ ਦਮਗਜੇ ਮਾਰਦੇ ਰਹੇ, ਪਰ ਇਹ ਪਾਰਲੀਮੈਂਟ 'ਚ ਪੇਸ਼ ਕੀਤੇ ਬਿੱਲ ਔਰਤਾਂ ਨੂੰ ਲੋਕ ਸਭਾ, ਵਿਧਾਨ ਸਭਾਵਾਂ 'ਚ ਸੀਟਾਂ ਰਾਖਵੀਆਂ ਕਰਨ ਲਈ ਪੇਸ਼ ਬਿੱਲ, ਕਾਨੂੰਨ ਨਾ ਬਣ ਸਕੇ। 1979, 1996, 1998, 1999 'ਚ ਪੇਸ਼ ਇਹ ਬਿੱਲ ਕਿਸੇ ਸਿਰੇ ਨਾ ਲੱਗੇ। ਫਿਰ 2008 'ਚ ਇਹ ਬਿੱਲ ਰਾਜ ਸਭਾ 'ਚ ਡਿੱਗ ਪਿਆ ਸੀ । ਦੇਸ਼ ਦੀ ਹਰੇਕ ਪਾਰਟੀ ਨੇ ਔਰਤਾਂ ਨਾਲ ਦਰੇਗ ਕੀਤਾ ਅਤੇ ਇਹ ਹੁਣ ਵੀ ਜਾਰੀ ਹੈ। ਦੇਸ਼ ਦੀਆਂ ਸਿਆਸੀ ਪਾਰਟੀਆਂ ਮੌਜੂਦਾ ਦੌਰ 'ਚ ਆਪਣੀਆਂ ਲੋਕ ਸਭਾ, ਵਿਧਾਨ ਸਭਾ ਸੀਟਾਂ 'ਤੇ ਬਹੁਤ ਘੱਟ ਔਰਤ ਉਮੀਦਵਾਰਾਂ ਨੂੰ ਟਿਕਟਾਂ ਦਿੰਦੀਆਂ ਹਨ ਅਤੇ ਉਹਨਾ ਨੂੰ ਵਜ਼ਾਰਤ ਵਿੱਚ ਬਹੁਤ ਘੱਟ ਗਿਣਤੀ 'ਚ ਸ਼ਾਮਲ ਕਰਦੀਆਂ ਹਨ।

ਦੇਸ਼ ਦੀ ਪਾਰਲੀਮੈਂਟ ਅਤੇ ਵਿਧਾਨ ਸਭਾਵਾਂ 'ਚ ਰਾਖਵੇਂਕਰਨ ਦੇ ਨਾਲ-ਨਾਲ ਸਥਾਨਕ ਸਰਕਾਰਾਂ ਭਾਵ ਪੰਚਾਇਤਾਂ, ਮਿਊਂਸਪਲ ਕਮੇਟੀਆਂ ਆਦਿ ਵਿੱਚ ਸੰਵਿਧਾਨ 'ਚ ਸੋਧ ਕਰਕੇ ਔਰਤਾਂ ਨੂੰ 33 ਫ਼ੀਸਦੀ ਰਾਖਵਾਂਕਰਨ ਦਿੱਤਾ ਗਿਆ। ਪਰ ਜ਼ਮੀਨੀ ਹਕੀਕਤ ਇਹ ਹੈ ਕਿ ਪਿੰਡਾਂ, ਸ਼ਹਿਰਾਂ ਦੀਆਂ ਸਥਾਨਕ ਸਰਕਾਰਾਂ 'ਚ ਚੁਣੀਆਂ ਸਰਪੰਚ, ਪੰਚ ਜਾਂ ਮੈਂਬਰਾਨ ਦੀ ਥਾਂ ਉਹਨਾ ਦੇ ਪਤੀ, ਭਰਾ, ਪਿਓ ਜਾਂ ਕੋਈ ਹੋਰ ਨਜ਼ਦੀਕੀ ਰਿਸ਼ਤੇਦਾਰ ਕੰਮ ਕਰਦੇ ਵੇਖੇ ਜਾਂਦੇ ਹਨ ਭਾਵ ਉਹਨਾ ਨੂੰ ਆਪਣੇ ਹੱਕ ਵਰਤਨ ਦਾ ਮੌਕਾ ਹੀ ਨਹੀਂ ਮਿਲਦਾ।

ਨੀਤੀ ਨਿਰਮਾਣ ਖੇਤਰ (ਭਾਵ ਪਾਰਲੀਮੈਂਟ ਆਦਿ) 'ਚ ਹੀ ਨਹੀਂ, ਔਰਤਾਂ ਨੂੰ ਦੇਸ਼ ਦੀ ਗਵਰਨੈਂਸ 'ਚ ਵੀ ਬਰਾਬਰ ਹੱਕ ਕਦੇ ਨਹੀਂ ਮਿਲੇ। ਹੁਣ ਤੱਕ ਦੇਸ਼ ਵਿੱਚ ਸਿਰਫ਼ ਇੱਕ ਔਰਤ ਹੀ ਪ੍ਰਧਾਨ ਮੰਤਰੀ ਬਣੀ, ਸਿਰਫ਼ ਦੋ ਔਰਤਾਂ ਰਾਸ਼ਟਰਪਤੀ ਦਾ ਅਹੁਦਾ ਪ੍ਰਾਪਤ ਕਰ ਸਕੀਆਂ ਅਤੇ ਸਿਰਫ਼ 15 ਔਰਤਾਂ ਮੁੱਖ ਮੰਤਰੀ ਦੇ ਅਹੁਦੇ ਉਤੇ ਪੁੱਜ ਸਕੀਆਂ। ਇਥੇ ਹੀ ਬੱਸ ਨਹੀਂ ਦੇਸ਼ ਦੀ ਸੁਪਰੀਮ ਕੋਰਟ ਦੀ ਕੋਈ ਵੀ ਔਰਤ ਜੱਜ, ਮੁੱਖ ਜੱਜ ਦੇ ਅਹੁਦੇ ਤੱਕ ਨਹੀਂ ਪੁੱਜ ਸਕੀ।

ਭਾਵੇਂ ਭਾਰਤ ਵਿੱਚ ਅੱਜ ਵੀ ਵਿਵਹਾਰਿਕ ਤੌਰ 'ਤੇ ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ ਅਤੇ ਸਾਡੇ ਦੇਸ਼ ਦੇ ਸੰਵਿਧਾਨ ਦੀ ਮਨਸ਼ਾ ਅਨੁਸਾਰ ਔਰਤਾਂ ਨੂੰ ਮਰਦਾਂ ਦੇ ਬਰਾਬਰ ਦੇ ਜਾਇਦਾਦ ਵਿੱਚ ਹੱਕ ਹਨ, ਪਰ ਅਸਲ ਸੱਚਾਈ ਕੁਝ ਹੋਰ ਹੀ ਹੈ। ਔਰਤ ਨਾਲ ਜਾਇਦਾਦ ਦੇ ਹੱਕ ਵਿੱਚ ਭੇਦ ਭਾਵ ਹੈ। ਪ੍ਰੰਪਰਾਗਤ ਰੂਪ ਵਿੱਚ ਸਮਾਜ ਵਿੱਚ ਔਰਤਾਂ ਨੂੰ ਕਮਜ਼ੋਰ ਵਰਗ ਵਜੋਂ ਦੇਖਿਆ ਜਾਂਦਾ ਹੈ। ਉਸ ਨਾਲ ਘਰ ਅਤੇ ਸਮਾਜ ਦੋਵੇਂ ਥਾਵਾਂ 'ਤੇ ਸੋਸ਼ਣ, ਅਪਮਾਨ ਅਤੇ ਭੇਦ ਭਾਵ ਹੁੰਦਾ ਹੈ। ਪ੍ਰਸਿੱਧ ਸਮਾਜ ਸ਼ਾਸਤਰੀ ਸਿਲਵਿਆ ਵਾਲਵੇ ਅਨੁਸਾਰ "ਪਿਤਾ ਪੁਰਖੀ ਸਮਾਜਿਕ ਬਣਤਰ 'ਚ ਇਹੋ ਜਿਹੀ ਪ੍ਰਕਿਰਿਆ ਅਤੇ ਵਿਵਸਥਾ ਹੈ, ਜਿਸ ਵਿੱਚ ਆਦਮੀ ਔਰਤ ਉਤੇ ਆਪਣੀ ਧੌਂਸ ਜਮਾਉਂਦਾ ਹੈ, ਉਸ ਉਤੇ ਰੋਹਬ ਪਾਉਂਦਾ ਹੈ ਅਤੇ ਉਸਦਾ ਸੋਸ਼ਣ ਕਰਦਾ ਹੈ"। ਜੇਕਰ ਇੰਜ ਨਾ ਹੁੰਦਾ ਤਾਂ ਔਰਤਾਂ ਨੂੰ ਦਾਜ ਦੀ ਬਲੀ ਨਾ ਚੜ੍ਹਾਇਆ ਜਾਂਦਾ, ਉਸ ਉਤੇ ਘਰੇਲੂ ਹਿੰਸਾ ਨਾ ਹੁੰਦੀ। ਸਾਲ 2023 ਵਿੱਚ, ਨੈਸ਼ਨਲ ਕਮਿਸ਼ਨ ਫਾਰ ਵੂਮੈਨ ਕੋਲ 28811 ਸ਼ਿਕਾਇਤਾਂ ਔਰਤਾਂ ਵਲੋਂ ਘਰੇਲੂ ਹਿੰਸਾ ਸਬੰਧੀ ਦਰਜ਼ ਕਰਵਾਈਆਂ ਗਈਆਂ। ਇੱਕ ਰਿਪੋਰਟ ਅਨੁਸਾਰ ਦੇਸ਼ ਦੀਆਂ 32 ਫ਼ੀਸਦੀ ਵਿਆਹੀਆਂ ਔਰਤਾਂ ਆਪਣੇ ਪਤੀ ਦੀ ਜਿਸਮਾਨੀ ਅਤੇ ਮਾਨਸਿਕ ਹਿੰਸਾ ਸਹਿੰਦੀਆਂ ਹਨ।

ਔਰਤਾਂ ਨਾਲ ਭੇਦ ਭਾਵ, ਔਰਤਾਂ ਉਤੇ ਹਿੰਸਾ ਦੀਆਂ ਜੜ੍ਹਾਂ ਬੇਹੱਦ ਡੂੰਘੀਆਂ ਹਨ। ਫੈਡਰਿਕ ਐਂਗਲਜ ਆਪਣੀ ਪੁਸਤਕ ਪਰਿਵਾਰ, ਪ੍ਰਾਈਵੇਟ ਜਾਇਦਾਦ ਅਤੇ ਰਾਜ ਵਿੱਚ ਲਿਖਦੇ ਹਨ ਕਿ ਖੇਤੀ ਉਤਪਾਦਕਾਂ ਦੇ ਵਾਧੇ ਨਾਲ ਮਨੁੱਖੀ ਮਨ 'ਚ ਪ੍ਰਾਈਵੇਟ ਜਾਇਦਾਦ ਦੀ ਭਾਵਨਾ ਪੈਦਾ ਹੋਈ, ਜਿਸ ਨਾਲ ਸੁਸਾਇਟੀ 'ਚ ਟੋਹਰ ਟੱਪੇ ਦੀ ਭਾਵਨਾ ਪ੍ਰਬਲ ਹੋਈ। ਸਿੱਟਾ ਕਬਜ਼ੇ ਦੀ ਭਾਵਨਾ ਨਾਲ ਰਾਜ ਕਰਨਾ ਆਰੰਭਿਆ ਅਤੇ ਔਰਤ ਨੂੰ ਵੀ ਮਰਦ ਨੇ ਆਪਣੀ ਜਾਇਦਾਦ ਸਮਝਣਾ ਸ਼ੁਰੂ ਕੀਤਾ। ਇਥੋਂ ਹੀ ਮਰਦ ਦੀ ਪ੍ਰਧਾਨਤਾ ਨੇ ਕੰਮ ਕੀਤਾ। ਇਹ ਪ੍ਰਧਾਨਤਾ ਰਾਜ ਭਾਗ ਵਿੱਚ ਵੀ ਪ੍ਰਵਾਨੀ ਗਈ ਅਤੇ ਮਰਦਾਂ ਦਾ ਔਰਤ ਉਤੇ ਰਾਜ ਅਤੇ ਔਰਤਾਂ ਦਾ ਸੋਸ਼ਣ ਆਰੰਭ ਹੋਇਆ।

ਵੱਖੋ-ਵੱਖਰੀਆਂ ਸਭਿਆਤਾਵਾਂ, ਦੇਸ਼ਾਂ ਵਿੱਚ ਮਰਦ, ਔਰਤਾਂ ਦੇ ਸਬੰਧਾਂ ਵਿੱਚ ਧਰਮ ਨੇ ਵੱਡਾ ਰੋਲ ਨਿਭਾਇਆ। ਬਹੁਤ ਘੱਟ ਧਰਮਾਂ ਵਿੱਚ, ਔਰਤ ਦੀਆਂ ਬਹੁਤੀਆਂ ਤਾਰੀਫ਼ਾਂ ਨਹੀਂ ਮਿਲਦੀਆਂ। ਭਾਰਤ ਵਿੱਚ ਤਾਂ ਔਰਤਾਂ ਦਾ ਸੋਸ਼ਣ ਭਾਰਤੀ ਸਮਾਜ ਵਿੱਚ ਸਦੀਆਂ ਪੁਰਾਣੀ ਸੰਸਕ੍ਰਿਤਕ ਘਟਨਾ ਹੈ। ਹਿੰਦੂ, ਮੁਸਲਿਮ ਧਰਮਾਂ 'ਚ ਮਰਦ ਪ੍ਰਧਾਨਤਾ ਵੇਖਣ ਨੂੰ ਮਿਲਦੀ ਹੈ। ਉਦਾਹਰਨ ਦੇ ਤੌਰ 'ਤੇ ਭਾਰਤੀ ਪ੍ਰਾਚੀਨ ਹਿੰਦੂ ਕਾਨੂੰਨ ਦੇ ਨਿਰਮਾਤਾ ਮਨੂ ਸਮ੍ਰਿਤੀ ਦੇ ਅਨੁਸਾਰ, "ਇਹ ਮੰਨਿਆ ਜਾਂਦਾ ਹੈ ਕਿ ਔਰਤ ਨੂੰ ਆਪਣੇ ਬਚਪਨ 'ਚ ਪਿਤਾ ਅਧੀਨ, ਵਿਆਹ ਤੋਂ ਬਾਅਦ ਆਪਣੇ ਪਤੀ ਦੇ ਅਧੀਨ ਅਤੇ ਬੁਢਾਪੇ ਜਾਂ ਵਿਧਵਾ ਹੋਣ ਤੋਂ ਬਾਅਦ ਆਪਣੇ ਪੁੱਤਰ ਦੇ ਅਧੀਨ ਰਹਿਣਾ ਚਾਹੀਦਾ ਹੈ। ਕਿਸੇ ਵੀ ਹਾਲਤ ਵਿੱਚ ਉਸਨੂੰ ਖੁਦ ਨੂੰ ਆਜ਼ਾਦ ਰਹਿਣ ਦੀ ਆਗਿਆ ਨਹੀਂ ਹੈ"।

ਇੰਜ ਧਾਰਮਿਕ ਮਾਨਤਾਵਾਂ ਵਿੱਚ ਵੀ ਔਰਤਾਂ ਨਾਲ ਇੱਕ ਕਿਸਮ ਦਾ ਵਿਤਕਰਾ ਹੋ ਰਿਹਾ ਹੈ। ਉਸ ਦੇ ਸਮਾਜ ਵਿੱਚ ਹੇਠਲੇ ਪੱਧਰ ਹੋਣ ਦਾ ਕਾਰਨ ਗਰੀਬੀ ਅਤੇ ਸਿੱਖਿਆ 'ਚ ਘਾਟ ਹੈ। ਇਸ ਸਥਿਤੀ ਵਿੱਚ ਔਰਤਾਂ ਨੂੰ ਬਹੁਤ ਹੀ ਘੱਟ ਵੇਤਨ ਮਿਲਦਾ ਹੈ, ਉਹ ਘਰੇਲੂ ਨੌਕਰ ਜਾਂ ਤੁਛ ਜਿਹੀਆਂ ਨੌਕਰੀਆਂ ਕਰਨ ਲਈ ਮਜ਼ਬੂਰ ਹੋ ਜਾਂਦੀਆਂ ਹਨ ਤਾਂ ਕਿ ਆਪਣੇ ਬੱਚਿਆਂ ਦਾ ਪੇਟ ਪਾਲ ਸਕਣ ਅਤੇ ਕਈ ਵੇਰ ਤਾਂ ਉਹਨਾ ਨੂੰ ਵੇਸਵਾ ਵਿਰਤੀ ਵੱਲ ਵੀ ਧੱਕ ਦਿੱਤਾ ਜਾਂਦਾ ਹੈ।

ਭਾਰਤ ਦੇ ਸੰਵਿਧਾਨ ਦੀ ਧਾਰਾ 15 ਅਧੀਨ ਲਿੰਗ, ਧਰਮ, ਜਾਤੀ ਅਤੇ ਜਨਮ ਸਥਾਨ ਵੱਖਰਾ ਹੋਣ 'ਤੇ ਕੀਤੇ ਕਿਸੇ ਵੀ ਭੇਦ ਭਾਵ ਦੀ ਮਨਾਹੀ ਕਰਦੀ ਹੈ। ਇਸੇ ਅਧਾਰ ਉਤੇ ਔਰਤਾਂ ਲਈ ਸੰਵਿਧਾਨਿਕ ਸੁਰੱਖਿਆ ਲਈ ਪ੍ਰਬੰਧ ਹਨ ਪਰ ਜ਼ਮੀਨੀ ਹਕੀਕਤ ਵੱਖਰੀ ਹੈ। ਇਹਨਾ ਸਾਰੇ ਪ੍ਰਾਵਾਧਾਨਾਂ ਦੇ ਬਾਵਜੂਦ ਔਰਤਾਂ ਨਾਲ ਅੱਜ ਵੀ ਦੂਜੀ ਸ਼੍ਰੇਣੀ ਦੇ ਨਾਗਰਿਕ ਜਿਹਾ ਵਰਤਾਓ ਕੀਤਾ ਜਾਂਦਾ ਹੈ। ਮਰਦ ਉਹਨਾ ਨੂੰ ਸਿਰਫ਼ ਆਪਣੀ ਕਾਮੁਕ ਇੱਛਾ ਦੀ ਪੂਰਤੀ ਕਰਨ ਦਾ ਮਾਧਿਅਮ ਹੀ ਨਹੀਂ ਮੰਨਦਾ ਸਗੋਂ ਔਰਤਾਂ ਉਤੇ ਅਤਿਆਚਾਰ ਕਰਨ ਤੋਂ ਵੀ ਦਰੇਗ ਨਹੀਂ ਕਰਦਾ।

ਬਿਨ੍ਹਾਂ ਸ਼ੱਕ ਔਰਤਾਂ 'ਚ ਆਪਣੇ ਹੱਕਾਂ ਪ੍ਰਤੀ ਚੇਤਨਤਾ ਵਧ ਰਹੀ ਹੈ। ਪਰ ਲਿੰਗਕ ਨਾ-ਬਰਾਬਰੀ ਦੂਰ ਕਰਨ ਲਈ ਕਾਨੂੰਨੀ ਪ੍ਰਾਵਾਧਾਨ ਦੇ ਇਲਾਵਾ ਉਹਨਾ ਨੂੰ ਆਰਥਿਕ ਪੱਖੋਂ ਮਜ਼ਬੂਤ ਕਰਨ ਲਈ ਸਰਕਾਰ ਤੇ ਸਮਾਜ ਨੂੰ ਅੱਗੇ ਆਉਣਾ ਪਵੇਗਾ। ਸਿਰਫ਼ ਵੋਟ ਪ੍ਰਾਪਤੀ ਲਈ ਕੀਤੇ ਐਲਾਨ ਉਹਨਾ ਦਾ ਕੁਝ ਵੀ ਸੁਆਰ ਨਹੀਂ ਸਕਣਗੇ।

# ਸ਼ੇਰੇ-ਏ-ਪੰਜਾਬ ਸਰਕਾਰ ਮਹਾਰਾਜਾ ਰਣਜੀਤ ਸਿੰਘ ਦੀ ਸਖ਼ਸ਼ੀਅਤ ਬਾਰੇ ਕੁਝ ਲੇਖਕਾਂ ਦੇ ਵਿਚਾਰ

-ਬਲਦੀਪ ਸਿੰਘ ਰਾਮੂੰਵਾਲੀਆ-



ਲਾਹੌਰ ਦਰਬਾਰ ਦੀ ਵੱਡੀ ਸਰਕਾਰ ਰਣਜੀਤ ਸਿੰਘ ਦੇ ਜਨਮ ਦਿਨ ਦੀਆਂ ਲੱਖ ਲੱਖ ਵਧਾਈਆਂ ਹੋਵਣ !

1." ਰਣਜੀਤ ਸਿੰਘ ਨੂੰ ਮੁਹੰਮਦ ਅਲੀ, ਅਤੇ ਨਪੋਲੀਅਨ ਨਾਲ ਤੁਲਨਾ ਦਿੱਤੀ ਗਈ ਹੈ ।ਮਿਸਟਰ ਜੈਕਮੌਂਟ ਨੇ ਤਾਂ ਉਸਨੂੰ ਨਿੱਕੇ ਪੱਧਰ ਤੇ ਬੋਨਾਪਾਰਟ ਆਖਿਆ ਹੈ ।ਓਸ ਵਿਚ ਕੁਝ ਗੱਲਾਂ ਇਹੋ ਜਿਹੀਆਂ ਹਨ ਜਿਹੜੀਆਂ ਇਨ੍ਹਾਂ ਦੋਵਾਂ ਨੇਤਾਵਾਂ ਨਾਲ ਮੇਲ ਖਾਂਦੀਆਂ ਹਨ ।ਪਰ ਉਸ ਦੇ ਸੁਭਾਅ ਅਤੇ ਆਚਰਣ ਨੂੰ ਵੇਖਿਆ ਪਤਾ ਲਗਦਾ ਹੈ ਕਿ ਉਹ ਸ਼ਾਇਦ ਇਨ੍ਹਾਂ ਦੋਵਾਂ ਤੋਂ ਉਤੇ ਸੀ ।ਅਤੇ ਇਨ੍ਹਾਂ ਦੋਵਾਂ ਤੋਂ ਵੱਧ ਪ੍ਰਭਾਵਸ਼ਾਲੀ ਸੀ ।"(ਟੀ.ਐਚ. ਥੌਰਟਨ)

2." ਇਕ ਅਸਾਧਾਰਣ ਸਖ਼ਸ਼ੀਅਤ ਦਾ ਮਾਲਕ ਹੋਣ ਕਰਕੇ, ਉਹ ਆਪਣੇ ਸਮੇਂ ਵਿਚ ਕੁਸਤੁਨਤੁਨੀਆਂ ਤੋਂ ਲੈ ਕਿ ਪੀਕਿੰਗ ਤਕ ਬੇਮਿਸਾਲ ਯੋਗਤਾ ਦੇ ਕਾਰਨ ਪ੍ਰਸਿੱਧ ਸੀ ।"(ਜਾਨ ਮਾਰਸ਼ਮੈਨ)

3." ਉਹ ਆਪਣੇ ਰਾਜ ਸਿੰਘਾਸਣ ਤੇ ਬੈਠੇ ਹੋਏ ਬਹੁਤੇ ਬਾਰੋਅਬ ਨਹੀ ਸਨ ਜਾਪਦੇ, ਜਿਨ੍ਹੇ ਘੋੜੇ ਦੀ ਪਿੱਠ ਤੇ ਬੈਠੇ ਹੋਏ ਰੋਬੀਲੇ ਜਵਾਨ ਲਗਦੇ ਸਨ ।"(ਐਮਲੀ ਈਡਨ)

4."ਮਹਾਰਾਜੇ ਦੀ ਇਕੋ ਅੱਖ ਹੈ, ਜਿਹੜੀ ਕਾਫ਼ੀ ਵਿਸ਼ਾਲ ਹੈ । ਲੱਗਦਾ ਹੈ ਓਸ ਵਿਚ ਮਸ਼ਾਲਾਂ ਦੀ ਜੋਤ ਭੜਕ ਰਹੀ ਹੈ ।ਓਸ ਵਿਚ ਚਮਕ ਵੀ ਹੈ ਤੇ ਅੱਗ ਵੀ ।ਜਦੋਂ ਉਹ ਖੁਸ਼ ਹੁੰਦੇ ਹਨ ਤਾਂ ਉਹਨ੍ਹਾਂ ਦੀ ਅੱਖ ਮਿਸ਼ਾਲ ਵਾਂਗ ਚਮਕਦੀ ਹੈ, ਜਦੋਂ ਉਹ ਕਿਸੇ ਗਲੋਂ ਗ਼ੁੱਸੇ ਹੋ ਜਾਂਦੇ ਹਨ ਤਾਂ ਉਨ੍ਹਾਂ ਦੀ ਇਕੋ ਅੱਖ ਸ਼ੋਹਲਾ ਬਣ ਜਾਂਦੀ ਹੈ ।ਮਹਾਰਾਜਾ ਗ਼ੁੱਸੇ ਹਨ ਜਾਂ ਖੁਸ਼ ਇਹ ਉਹਨ੍ਹਾਂ ਦੀ ਅੱਖ ਹੀ ਦਰਸਾ ਦਿੰਦੀ ਹੈ ।ਓਹਨਾ ਦਾ ਗੱਲ ਕਰਨ ਦਾ ਢੰਗ ਸਾਦਾ ਪਰ ਦਿਲ ਖਿੱਚਵਾਂ ਹੈ ।ਓਹਨ੍ਹਾਂ ਦੀ ਬੋਲਚਾਲ ਚ ਕਦੇ ਵੀ ਕਾਹਲੀ ਜਾਂ ਘਬਰਾਹਟ ਪਰਤੀਤ ਨਹੀ ਹੁੰਦੀ ।ਓਹ ਬਾਹਰਲੇ ਦੇਸ਼ਾਂ ਤੋਂ ਆਏ ਯਾਤਰੀਆਂ, ਏਲਚੀਆਂ ਤੇ ਸਫ਼ੀਰਾਂ ਨਾਲ ਖ਼ੁਦ ਗੱਲ ਕਰਦੇ ਹਨ ।ਓਹ ਗੱਲ ਦੀ ਤਹਿ ਤੇ ਛੇਤੀ ਪਹੁੰਚ ਜਾਂਦੇ ਹਨ ।" (ਮੈਕਰੈਗਰ)

5." ਮੈ ਕਦੀ ਵੀ ਉਹਨ੍ਹਾਂ ਨੂੰ ਜ਼ਰੀ ਵਾਲੇ ਬਸਤਰ ਪਾਇਆਂ ਜਾਂ ਜੇਵਰ ਸਜਾਇਆਂ ਨਹੀ ਵੇਖਿਆ । ਕੋਹੇਨੂਰ ਵਾਲਾ ਬਾਜ਼ੂਬੰਦ ਵੀ ਖ਼ਾਸ ਖ਼ਾਸ ਮੌਕਿਆਂ ਤੇ ਪਾਉਂਦੇ ਸਨ। ਨਹੀਂ ਤਾਂ ਰਣਜੀਤ ਸਿੰਘ ਦੀ ਰਹਿਣੀ ਬਹਿਣੀ ਬਹੁਤ ਕਰਕੇ ਆਮ ਲੋਕਾਂ ਵਰਗੀ ਸੀ ।"(ਹਿਊਗਲ)

6." ਰਣਜੀਤ ਸਿੰਘ ਲੋਕਾਂ ਦੇ ਤਸੱਵਰ ਵਿਚ ਅੱਜ ਵੀ ਉਵੇਂ ਹੀ ਜਿਉਂਦੇ ਹਨ ਜਿਵੇਂ ਉਹ ਆਪਣੇ ਪੰਜ ਭੌਤਿਕ ਸਰੀਰ ਵੇਲੇ ਜਿਊਂਦੇ ਸਨ ।ਅਜ ਓਹ ਸਿਰਫ਼ ਉਥੇ ਹੀ ਨਹੀ ਜਿਉਂਦੇ ਜਿੱਥੇ ਅੱਜ ਕੱਲ ਸਿੱਖਾਂ ਦੀ ਵੱਸੋਂ ਹੈ (ਭਾਰਤ) ,ਬਲਕਿ ਉਥੇ ਵੀ, ਜਿਥੇ ਉਹ ਪਾਕਿਸਤਾਨ ਬਣਨ ਤੋਂ ਪਹਿਲਾਂ ਵਸ ਰਹੇ ਸਨ। ਉਹ ਸਿੱਖਾਂ ਅਤੇ ਮੁਸਲਮਾਨਾਂ ਦੀ ਸਾਂਝੀ ਸਖ਼ਸ਼ੀਅਤਾਂ ਸਨ ਜਿਸ ਨੇ ਦੇਵ ਮਾਲਾਈ ਸਥਾਨ ਗ੍ਰਹਿਣ ਕਰ ਲਿਆ ਸੀ। ਇਸੇ ਲਈ ਪਾਕਿਸਤਾਨ ਬਣਨ ਸਮੇਂ ਜਦੋਂ ਸਿੱਖ ਉਸ ਦੇਸ਼ ਵਿਚੋਂ ਨਿਕਲ ਰਹੇ ਸਨ ਤਾਂ ਮੁਸਲਮਾਨਾਂ ਨੇ ਸਿੱਖਾਂ ਦੇ ਨਾਲ ਮਹਾਰਾਜਾ ਰਣਜੀਤ ਸਿੰਘ ਨੂੰ ਪਾਕਿ-ਸਤਾਨ ਤੋਂ ਨਿਕਲਣ ਨਹੀ ਦਿਤਾ ।ਓਹਨਾ ਦੀ ਹਰਮਨ ਪਿਆਰੀ ਤਸਵੀਰ ਲੋਕਾਂ ਦਿਆਂ ਮਨਾਂ ਚ ਹੁਣ ਵੀ ਅੰਕਿਤ ਹੈ ।ਓਹ ਤਸਵੀਰ ਇਕ ਜੇਤੂ ਨਾਇਕ ਦੀ ਨਹੀ,ਸਗੋਂ ਇਕ ਦਿਆਲੂ ਬਾਪ ਦੀ ਹੈ ।"(ਸੱਯਦ ਵਹੀਦ -ਉਦ -ਦੀਨ)

"ਮਹਾਂਬਲੀ ਰਣਜੀਤ ਸਿੰਘ ਹੋਇਆ ਪੈਦਾ,
ਨਾਲ ਜ਼ੋਰ ਦੇ ਮੁਲਕ ਹਿਲਾਇ ਗਿਆ।
ਮੁਲਤਾਨ, ਕਸ਼ਮੀਰ, ਪਸ਼ੌਰ, ਚੰਬਾ,
ਜੰਮੂ, ਕਾਂਗੜਾ ਕੋਟ ਨਿਵਾਇ ਗਿਆ।
ਹੋਰ ਦੇਸ਼ ਲੱਦਾਖ ਤੇ ਚੀਨ ਤੋੜੀ,
ਸਿੱਕਾ ਆਪਣੇ ਨਾਮ ਚਲਾਇ ਗਿਆ।
ਸ਼ਾਹ ਮੁਹੰਮਦਾ ਜਾਣ ਪਚਾਸ ਬਰਸਾਂ
ਅੱਛਾ ਰੱਜ ਕੇ ਰਾਜ ਕਮਾਇ ਗਿਆ।"(ਸ਼ਾਹ ਮੁਹੰਮਦ)

ਇੱਕ ਵਾਰ ਮਹਾਰਾਜਾ ਰਣਜੀਤ ਸਿੰਘ ਦੇ ਮਹੱਲ ਵਿੱਚ ਕੁਝ ਅੰਗਰੇਜ਼ ਮਹਿਮਾਨ ਠਹਿਰੇ ਹੋਏ ਸਨ । ਉਹ ਮਹਿਮਾਨ ਸਵੇਰੇ ਸੌਂ ਕੇ ਉੱਠੇ ਤਾਂ ਅਚਾਨਕ ਉਹਨਾਂ ਨੂੰ ਗੋਲੀਆਂ ਚੱਲਣ ਦੀ ਆਵਾਜ਼ ਸੁਣੀ। ਉਹਨਾਂ ਨੇ ਮਹਾਰਾਜੇ ਤੱਕ ਪਹੁੰਚ ਕੀਤੀ ਕਿ ਇਹ ਰਾਜ ਮਹੱਲ ਵਿੱਚ ਗੋਲੀਆਂ ਕਿਉਂ ਚੱਲ ਰਹੀਆਂ ਹਨ?

ਜਦ ਮਹਾਰਾਜੇ ਨੇ ਦੇਖਿਆਂ ਤਾਂ ਕੁਝ ਘੋੜਿਆਂ ਤੇ ਸਵਾਰ ਨਿਹੰਗ ਸਿੰਘ ਗੋਲੀਆਂ ਚਲਾ ਰਹੇ ਸਨ ਅਤੇ ਉਹਨਾਂ ਨੇ ਗੋਲੀਆਂ ਮਾਰ ਕੇ ਮਹੱਲ ਦਾ ਜੰਗਲਾ ਤੋੜ ਦਿੱਤਾ ਸੀ । ਮਹਾਰਾਜਾ ਰਣਜੀਤ ਸਿੰਘ ਉਹਨਾਂ ਨੂੰ ਦੇਖ ਕੇ ਖੁਸ਼ ਹੋ ਗਏ ਅਤੇ ਅੰਗਰੇਜ਼ਾਂ ਨੂੰ ਦੱਸਿਆ ਕੇ ਇਹ ਤਾਂ ਗੁਰੂ ਦੀਆਂ ਲਾਡਲੀਆਂ ਫੌਜਾਂ ਹਨ ।

ਇਹ ਪੁੱਛੇ ਜਾਣ ਤੇ ਕਿ ਇਹ ਇੱਥੇ ਕਿਉਂ ਆਏ ਅਤੇ ਗੋਲੀਆਂ ਕਿਉਂ ਚਲਾ ਰਹੇ ਹਨ ? ਤਾਂ ਮਹਾਰਾਜੇ ਨੇ ਜਵਾਬ ਦਿੱਤਾ ਕਿ ਇਹ ਸਿੰਘ ਅੰਮ੍ਰਿਸਰ ਸਾਹਿਬ ਤੋਂ ਆਏ ਹਨ ਅਤੇ ਸਾਲ ਵਿੱਚ ਕਈ ਵਾਰ ਆ ਕੇ ਇਸ ਤਰਾਂ ਹੀ ਗੋਲੀਆਂ ਚਲਾਉਂਦੇ ਹਨ। ਮੈਨੂੰ ਇਹ ਯਾਦ ਕਰਵਾਉਣ ਲਈ ਕਿ ਇਹ ਰਾਜ ਮੇਰੀ ਕੋਈ ਨਿੱਜੀ ਜਾਇਦਾਦ ਨਹੀ ਬਲਕਿ ਖਾਲਸਾ ਪੰਥ ਦੀ ਵਸੀਅਤ ਹੈ ।ਇੱਕ ਮਹਾਰਾਜੇ ਦੇ ਮੂੰਹ'ਚੋਂ ਇਹ ਬੋਲ ਸੁਣ ਕੇ ਅੰਗਰੇਜ਼ ਹੈਰਾਨ ਰਹਿ ਗਏ ।

# ਜੇਈਈ ਮੇਨ 2024 ਵਿੱਚ ਡਰਾਪਰ ਜਾਂ ਰੀਪੀਟਰ ਵਜੋਂ ਤਿਆਰੀ ਲਈ ਬਹੁਤ ਸਮਰਪਣ ਅਤੇ ਸਖ਼ਤ ਮਿਹਨਤ ਦੀ ਲੋੜ ਹੁੰਦੀ ਹੈ

ਜੇਈਈ ਦੀ ਤਿਆਰੀ ਕਰਨਾ ਇੱਕ ਚੁਣੌਤੀਪੂਰਨ ਕੰਮ ਹੈ ਜਿਸ ਲਈ ਇੱਕ ਚੰਗੀ ਤਰ੍ਹਾਂ ਯੋਜਨਾਬੱਧ ਰੋਡਮੈਪ, ਇੱਕ ਵਿਆਪਕ ਰਣਨੀਤੀ, ਅਤੇ ਬਹੁਤ ਮਿਹਨਤ ਅਤੇ ਵਚਨਬੱਧਤਾ ਦੀ ਲੋੜ ਹੁੰਦੀ ਹੈ। ਇਹ ਵਿਆਪਕ ਤੌਰ 'ਤੇ ਜਾਣਿਆ ਜਾਂਦਾ ਹੈ ਕਿ ਜੇਈਈ ਕਰੈਕ ਕਰਨ ਲਈ ਦੁਨੀਆ ਦੀਆਂ ਸਭ ਤੋਂ ਮੁਸ਼ਕਲ ਪ੍ਰੀਖਿਆਵਾਂ ਵਿੱਚੋਂ ਇੱਕ ਹੈ, ਅਤੇ ਇਸ ਲਈ, ਕਿਸੇ ਨੂੰ ਇਸ ਵਿੱਚ ਸਫਲ ਹੋਣ ਲਈ ਵਾਧੂ ਯਤਨ ਕਰਨ ਅਤੇ ਬਹੁਤ ਸਾਰਾ ਸਮਾਂ ਅਤੇ ਊਰਜਾ ਲਗਾਉਣ ਦੀ ਜ਼ਰੂਰਤ ਹੁੰਦੀ ਹੈ। ਸਹੀ ਮਾਰਗਦਰਸ਼ਨ ਅਤੇ ਸਹਾਇਤਾ ਨਾਲ, ਹਾਲਾਂਕਿ, ਜੇਈਈ ਮੇਨ ਵਿੱਚ ਉੱਚ ਰੈਂਕ ਪ੍ਰਾਪਤ ਕਰਨ ਦੀਆਂ ਤੁਹਾਡੀਆਂ ਸੰਭਾਵਨਾਵਾਂ ਵਿੱਚ ਸੁਧਾਰ ਕਰਨਾ ਸੰਭਵ ਹੈ।

ਕੁਝ ਸੁਝਾਅ ਅਤੇ ਰਣਨੀਤੀਆਂ ਦੀ ਜਾਂਚ ਕਰੋ ਜੋ ਤੁਹਾਡੀ ਜੇਈਈ ਦੀ ਤਿਆਰੀ ਵਿੱਚ ਡਰਾਪਰ ਜਾਂ ਰੀਪੀਟਰ ਵਜੋਂ ਤੁਹਾਡੀ ਮਦਦ ਕਰਨਗੀਆਂ।

### ਆਪਣੀ ਪਿਛਲੀ ਕੋਸ਼ਿਸ਼ ਦਾ ਵਿਸ਼ਲੇਸ਼ਣ ਕਰੋ

ਪਹਿਲੀ ਅਤੇ ਸਭ ਤੋਂ ਵੱਡੀ ਗੱਲ ਜੋ ਤੁਹਾਨੂੰ ਕਰਨੀ ਚਾਹੀਦੀ ਹੈ ਉਹ ਹੈ ਤੁਹਾਡੀ ਪਿਛਲੀ ਕੋਸ਼ਿਸ਼ ਦਾ ਵਿਸ਼ਲੇਸ਼ਣ ਕਰਨਾ। ਉਹਨਾਂ ਖੇਤਰਾਂ ਦੀ ਪਛਾਣ ਕਰੋ ਜਿੱਥੇ ਤੁਹਾਡੇ ਕੋਲ ਕਮੀ ਸੀ ਅਤੇ ਉਹਨਾਂ ਵਿਸ਼ਿਆਂ ਦੀ ਪਛਾਣ ਕਰੋ ਜਿਹਨਾਂ 'ਤੇ ਵਧੇਰੇ ਧਿਆਨ ਦੇਣ ਦੀ ਲੋੜ ਹੈ। ਆਪਣੀਆਂ ਸ਼ਕਤੀਆਂ ਅਤੇ ਕਮਜ਼ੋਰੀਆਂ ਦਾ ਮੁਲਾਂਕਣ ਕਰੋ, ਅਤੇ ਉਸ ਅਨੁਸਾਰ ਆਪਣੀ ਤਿਆਰੀ ਦੀ ਯੋਜਨਾ ਬਣਾਓ।

### ਸੰਕਲਪਿਕ ਸਮਝ 'ਤੇ ਧਿਆਨ ਦਿਓ

ਜੇਈਈ ਵਿੱਚ, ਤੁਹਾਨੂੰ ਵਿਸ਼ਿਆਂ ਦੀ ਤੁਹਾਡੀ ਸੰਕਲਪਿਕ ਸਮਝ 'ਤੇ ਟੈਸਟ ਕੀਤਾ ਜਾਵੇਗਾ। ਇਸ ਲਈ, ਕੇਵਲ ਫਾਰਮੂਲੇ ਨੂੰ ਯਾਦ ਕਰਨ ਦੀ ਬਜਾਏ ਸੰਕਲਪਾਂ ਨੂੰ ਸਮਝਣ 'ਤੇ ਧਿਆਨ ਦਿਓ। ਆਪਣੀ ਸਮਝ ਨੂੰ ਮਜ਼ਬੂਤ ਕਰਨ ਲਈ ਵੱਖ-ਵੱਖ ਮੁਸ਼ਕਲ ਪੱਧਰਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰੋ।

### ਸਮਾਂ ਪ੍ਰਬੰਧਨ

ਜੇਈਈ ਦੀ ਤਿਆਰੀ ਲਈ ਸਮਾਂ ਪ੍ਰਬੰਧਨ ਮਹੱਤਵਪੂਰਨ ਹੈ। ਕਿਉਂਕਿ ਤੁਸੀਂ ਪਹਿਲਾਂ ਹੀ ਇੱਕ ਵਾਰ ਸਿਲੇਬਸ ਨੂੰ ਕਵਰ ਕਰ ਚੁੱਕੇ ਹੋਵੋਗੇ ਅਤੇ ਉਮੀਦ ਹੈ ਕਿ ਸੰਸ਼ੋਧਨ ਵੀ ਕੀਤਾ ਜਾਵੇਗਾ, ਇਸ ਲਈ ਇਹ ਯਕੀਨੀ ਬਣਾਉਣਾ ਜ਼ਰੂਰੀ ਹੈ ਕਿ ਇਸ ਵਾਰ ਤੁਸੀਂ ਪਹਿਲਾਂ ਕਮਜ਼ੋਰ ਖੇਤਰਾਂ ਨੂੰ ਸੋਧਣ 'ਤੇ ਵਧੇਰੇ ਧਿਆਨ ਕੇਂਦਰਿਤ ਕਰੋ, ਅਤੇ ਫਿਰ ਆਪਣੇ ਮਜ਼ਬੂਤ ਵਿਸ਼ਿਆਂ ਨੂੰ ਦੁਬਾਰਾ ਸੋਧੋ। ਆਪਣੇ ਅਧਿਐਨ ਦੇ ਕਾਰਜਕ੍ਰਮ ਦੀ ਯੋਜਨਾ ਇਸ ਤਰੀਕੇ ਨਾਲ ਬਣਾਓ ਕਿ ਤੁਸੀਂ ਸਾਰੇ ਵਿਸ਼ਿਆਂ ਨੂੰ ਕਵਰ ਕਰ ਸਕੋ ਅਤੇ ਪ੍ਰੀਖਿਆ ਤੋਂ ਪਹਿਲਾਂ ਉਹਨਾਂ ਨੂੰ ਸੋਧ ਸਕੋ। ਸਾਰੇ ਵਿਸ਼ਿਆਂ ਨੂੰ ਬਰਾਬਰ ਮਹੱਤਵ ਦਿਓ ਅਤੇ ਹਰੇਕ ਲਈ ਲੋੜੀਂਦਾ ਸਮਾਂ ਦਿਓ।

### ਪਿਛਲੇ ਸਾਲ ਦੇ ਪ੍ਰਸ਼ਨ ਪੱਤਰਾਂ ਦਾ ਅਭਿਆਸ ਕਰੋ

ਕਿਸੇ ਅਜਿਹੇ ਵਿਅਕਤੀ ਦੇ ਰੂਪ ਵਿੱਚ ਜੋ ਪਹਿਲਾਂ ਹੀ ਇੱਕ ਵਾਰ ਪ੍ਰੀਖਿਆ ਲਈ ਹਾਜ਼ਰ ਹੋਇਆ ਹੈ, ਇਹ ਇੱਕ ਨਵੀਂ ਸਲਾਹ ਨਹੀਂ ਹੋਣੀ ਚਾਹੀਦੀ। ਤੁਸੀਂ ਇਮਤਿਹਾਨ ਦੇ ਫਾਰਮੈਟ ਅਤੇ ਪ੍ਰਸ਼ਨਾਂ ਦੀਆਂ ਕਿਸਮਾਂ ਦੀ ਸਮਝ ਪ੍ਰਾਪਤ ਕਰ ਸਕਦੇ ਹੋ ਜੋ ਪਿਛਲੇ ਸਾਲਾਂ ਦੇ ਪ੍ਰੀਖਿਆ ਪੇਪਰਾਂ ਨੂੰ ਪੂਰਾ ਕਰਕੇ ਪੁੱਛੇ ਜਾਂਦੇ ਹਨ। ਪੇਪਰਾਂ ਦਾ ਵਿਸ਼ਲੇਸ਼ਣ ਕਰੋ, ਉਹਨਾਂ ਵਿਸ਼ਿਆਂ ਦੀ ਪਛਾਣ ਕਰੋ ਜੋ ਅਕਸਰ ਪੁੱਛੇ ਜਾਂਦੇ ਹਨ, ਅਤੇ ਉਹਨਾਂ ਦਾ ਚੰਗੀ ਤਰ੍ਹਾਂ ਅਭਿਆਸ ਕਰੋ।

### ਮੌਕ ਟੈਸਟ ਲਓ

ਮੌਕ ਟੈਸਟ ਲੈਣ ਨਾਲ ਤੁਹਾਡੀ ਕਾਰਗੁਜ਼ਾਰੀ ਦਾ ਵਿਸ਼ਲੇਸ਼ਣ ਕਰਨ ਅਤੇ ਤੁਹਾਡੀਆਂ ਸ਼ਕਤੀਆਂ ਅਤੇ ਕਮਜ਼ੋਰੀਆਂ ਦੀ ਪਛਾਣ ਕਰਨ ਵਿੱਚ ਤੁਹਾਡੀ ਮਦਦ ਹੋਵੇਗੀ। ਇਹ ਇਮਤਿਹਾਨ ਦੇ ਪੈਟਰਨ ਅਤੇ ਪ੍ਰੀਖਿਆ ਦੌਰਾਨ ਲੋੜੀਂਦੇ ਸਮੇਂ ਦੇ ਪ੍ਰਬੰਧਨ ਤੋਂ ਜਾਣੂ ਹੋਣ ਵਿੱਚ ਵੀ ਤੁਹਾਡੀ ਮਦਦ ਕਰੇਗਾ। ਯਕੀਨੀ ਬਣਾਓ ਕਿ ਤੁਸੀਂ ਮੌਕ ਟੈਸਟਾਂ ਦੀਆਂ ਆਪਣੀਆਂ ਗਲਤੀਆਂ ਤੋਂ ਸਿੱਖੋ।

ਨਾਲ ਹੀ, ਜਦੋਂ ਤੁਸੀਂ ਮੌਕ ਟੈਸਟ ਦਿੰਦੇ ਹੋ, ਤਾਂ ਇਮਤਿਹਾਨ ਹਾਲ ਦੇ ਮਾਹੌਲ ਨੂੰ ਦੁਬਾਰਾ ਬਣਾਓ ਅਤੇ ਨਾਲ ਹੀ ਇੱਕ ਸਟੌਪਵਾਚ ਟਿਕ ਕਰੋ। ਇਹ ਤੁਹਾਨੂੰ ਪੂਰੀ ਤਰ੍ਹਾਂ ਤਿਆਰ ਰਹਿਣ ਵਿੱਚ ਮਦਦ ਕਰੇਗਾ।

ਸਿੱਟੇ ਵਜੋਂ, ਇੱਕ ਡਰਾਪਰ ਜਾਂ ਰੀਪੀਟਰ ਵਜੋਂ ਜੇਈਈ ਦੀ ਤਿਆਰੀ ਲਈ ਬਹੁਤ ਸਮਰਪਣ ਅਤੇ ਸਖ਼ਤ ਮਿਹਨਤ ਦੀ ਲੋੜ ਹੁੰਦੀ ਹੈ। ਪਰ ਸਹੀ ਪਹੁੰਚ, ਸਮਾਂ ਪ੍ਰਬੰਧਨ ਅਤੇ ਮਾਰਗਦਰਸ਼ਨ ਨਾਲ, ਤੁਸੀਂ ਇਮਤਿਹਾਨ ਨੂੰ ਤੋੜ ਸਕਦੇ ਹੋ ਅਤੇ ਆਪਣੇ ਸੁਪਨਿਆਂ ਨੂੰ ਪ੍ਰਾਪਤ ਕਰ ਸਕਦੇ ਹੋ। ਪ੍ਰੇਰਿਤ, ਕੇਂਦ੍ਰਿਤ, ਅਤੇ ਆਪਣੇ ਆਪ ਵਿੱਚ ਵਿਸ਼ਵਾਸ ਰੱਖਣਾ ਯਾਦ ਰੱਖੋ।

-ਵਿਜੈ ਗਰਗ










# ਡਾ. ਬਲਜੀਤ ਕੌਰ ਵੱਲੋਂ ਗਰੀਬ, ਪੱਛੜੇ ਵਰਗ ਅਤੇ ਔਰਤਾਂ ਪੱਖੀ ਬਜਟ ਲਈ ਮੁੱਖ ਮੰਤਰੀ ਤੇ ਵਿੱਤ ਮੰਤਰੀ ਦਾ ਧੰਨਵਾਦ

ਚੰਡੀਗੜ੍ਹ, 5 ਮਾਰਚ (ਪੋਸਟ ਬਿਊਰੋ): ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਵਿੱਤ ਮੰਤਰੀ ਸ.ਹਰਪਾਲ ਸਿੰਘ ਚੀਮਾ ਵੱਲੋਂ ਅੱਜ ਪੇਸ਼ ਕੀਤੇ ਸਾਲ 2024-25 ਦੇ ਬਜਟ ਵਿੱਚ ਸਮਾਜਿਕ ਸੁਰੱਖਿਆ ਅਤੇ ਨਿਆਂ ਨੂੰ ਤਰਜੀਹ ਦੇਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਬਜਟ ਗਰੀਬਾਂ, ਆਮ ਲੋਕਾਂ, ਪੱਛੜੇ ਵਰਗ, ਅਨੁਸੂਚਿਤ ਜਾਤੀਆਂ, ਔਰਤਾਂ, ਬਜੁਰਗਾਂ ਅਤੇ ਦਿਵਿਆਂਗ ਵਰਗ ਦੇ ਲੋਕਾਂ ਨੂੰ ਤਰਜੀਹ ਦੇਣ ਵਾਲਾ ਹੈ ਜਿਸ ਨਾਲ ਇਹਨਾਂ ਵਰਗਾਂ ਨੂੰ ਹਲੂਣਾ ਮਿਲੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਇਹ ਤੀਜਾ ਬਜਟ ਸੂਬੇ ਨੂੰ ਵਿਕਾਸ ਦੀਆਂ ਲੀਹਾਂ ਉਪਰ ਚਾੜੇਗਾ ਅਤੇ ਮੁੱਖ ਮੰਤਰੀ ਵੱਲੋਂ ਰੰਗਲਾ ਪੰਜਾਬ ਬਣਾਉਣ ਦੇ ਸੁਫਨੇ ਨੂੰ ਅਮਲੀ ਰੂਪ ਵਿੱਚ ਸਕਾਰ ਕਰੇਗਾ।



ਉਨ੍ਹਾਂ ਦੱਸਿਆ ਕਿ ਅੱਜ ਪੇਸ਼ ਬਜਟ ਦੌਰਾਨ ਬਜੁਰਗਾਂ, ਵਿਧਵਾਵਾਂ, ਦਿਵਿਆਂਗ ਵਿਅਕਤੀਆਂ ਅਤੇ ਬੇਸਹਾਰਾ ਬੱਚਿਆਂ ਤੇ ਔਰਤਾਂ ਲਈ 5925 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ, ਪੋਸ਼ਣ ਅਭਿਆਨ, ਆਸ਼ੀਰਵਾਦ ਸਕੀਮ, ਪ੍ਰਧਾਨ ਮੰਤਰੀ ਆਦਰਸ਼ ਗ੍ਰਾਮ ਯੋਜਨਾ, ਪਹੁੰਚਯੋਗ ਭਾਰਤ ਮੁਹਿੰਮ ਲਈ 1053 ਕਰੋੜ ਰੁਪਏ, ਜਦਕਿ ਪੋਸਟ ਮੈਟ੍ਰਿਕ ਵਜ਼ੀਫਾ ਯੋਜਨਾ ਲਈ 260 ਕਰੋੜ ਰੁਪਏ ਰੱਖੇ ਗਏ ਹਨ।

ਡਾ. ਬਲਜੀਤ ਕੌਰ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿਚ ਬਜੁਰਗਾਂ, ਵਿਧਵਾਵਾਂ, ਦਿਵਿਆਂਗ ਵਿਅਕਤੀਆਂ, ਬੇਸਹਾਰਾ ਬੱਚਿਆਂ ਤੇ ਔਰਤਾਂ ਅਤੇ ਅਨੁਸੂਚਿਤ ਜਾਤੀ ਵਰਗ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਕਾਰਜਸ਼ੀਲ ਹੈ।

# ਪੇਂਡੂ ਆਬਾਦੀ ਲਈ ਬੁਨਿਆਦੀ ਸਹੂਲਤਾਂ ਅਤੇ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਲਈ 3154 ਕਰੋੜ ਰੁਪਏ ਰਾਖਵੇਂ ਰੱਖੇ : ਲਾਲਜੀਤ ਸਿੰਘ ਭੁੱਲਰ ਵੱਲੋਂ ਬਜਟ ਦੀ ਸ਼ਲਾਘਾ

## ਟਰਾਂਸਪੋਰਟ ਖੇਤਰ ਲਈ 550 ਕਰੋੜ ਅਤੇ ਔਰਤਾਂ ਲਈ ਮੁਫ਼ਤ ਸਫ਼ਰ ਸਹੂਲਤ ਲਈ 450 ਕਰੋੜ ਰੁਪਏ ਰੱਖਣ ਲਈ ਮੁੱਖ ਮੰਤਰੀ ਦਾ ਧੰਨਵਾਦ

ਚੰਡੀਗੜ੍ਹ, 5 ਮਾਰਚ (ਗਿਆਨ ਸਿੰਘ): ਪੰਜਾਬ ਦੇ ਪੇਂਡੂ ਵਿਕਾਸ ਤੇ ਪੰਚਾਇਤਾਂ ਅਤੇ ਟਰਾਂਸਪੋਰਟ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਨੇ ਅੱਜ ਕਿਹਾ ਕਿ ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤਾ ਗਿਆ ਵਿੱਤੀ ਵਰ੍ਹੇ 2024-25 ਦਾ ਬਜਟ ਪੇਂਡੂ ਖੇਤਰ ਵਿੱਚ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਵਿੱਚ ਲਾਹੇਵੰਦ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਬਜਟ ਵਿੱਚ 3154 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ ਜਿਸ ਨਾਲ ਪੇਂਡੂ ਆਬਾਦੀ ਲਈ ਬੁਨਿਆਦੀ ਸਹੂਲਤਾਂ ਅਤੇ ਪੇਂਡੂ ਰੁਜ਼ਗਾਰ ਅਤੇ ਪੇਂਡੂ ਆਜੀਵਿਕਾ ਪੈਦਾ ਕਰਕੇ ਸਰਬਪੱਖੀ ਵਿਕਾਸ ਕਰਨ ਦੀ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਵਚਨਬੱਧਤਾ ਨੂੰ ਪੂਰਾ ਕੀਤਾ ਜਾਵੇਗਾ।



ਭੁੱਲਰ ਨੇ ਪੇਂਡੂ ਵਿਕਾਸ ਹਿਤ ਵੱਖ-ਵੱਖ ਸਕੀਮਾਂ ਲਈ ਬਜਟ ਰਾਖਵਾਂ ਕਰਨ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਮਨਰੇਗਾ ਅਧੀਨ ਰੁਜ਼ਗਾਰ ਮੁਹੱਈਆ ਕਰਵਾਉਣ ਲਈ 655 ਕਰੋੜ ਰੁਪਏ; ਪ੍ਰਧਾਨ ਮੰਤਰੀ ਕ੍ਰਿਸ਼ੀ ਸਿੰਜਾਈ ਯੋਜਨਾ ਅਧੀਨ 20 ਕਰੋੜ ਰੁਪਏ; ਰਾਸ਼ਟਰੀ ਪੇਂਡੂ ਅਜੀਵਿਕਾ ਮਿਸ਼ਨ ਅਧੀਨ 120 ਕਰੋੜ ਰੁਪਏ ਅਤੇ ਰਾਸ਼ਟਰੀ ਗ੍ਰਾਮ ਸਵਰਾਜ ਅਭਿਆਨ ਅਧੀਨ 20 ਕਰੋੜ ਰੁਪਏ ਦੀਆਂ ਬਜਟ ਤਜਵੀਜ਼ਾਂ ਨਾਲ ਪੇਂਡੂ ਖੇਤਰ ਵਿੱਚ ਲੋਕਾਂ ਦਾ ਆਰਥਿਕ ਤਰੱਕੀ ਯਕੀਨੀ ਬਣੇਗੀ।

ਇਸੇ ਤਰ੍ਹਾਂ ਕੈਬਨਿਟ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਨੇ ਟਰਾਂਸਪੋਰਟ ਖੇਤਰ ਲਈ 550 ਕਰੋੜ ਰੁਪਏ ਅਤੇ ਔਰਤਾਂ ਲਈ ਮੁਫ਼ਤ ਸਫ਼ਰ ਸਹੂਲਤ ਲਈ 450 ਕਰੋੜ ਰੁਪਏ ਰਾਖਵੇਂ ਰੱਖਣ ਲਈ ਮੁੱਖ ਮੰਤਰੀ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ 'ਮੁੱਖ ਮੰਤਰੀ ਤੀਰਥ ਯਾਤਰਾ' ਸਕੀਮ ਨੂੰ ਅਗਲੇ ਵਰ੍ਹੇ ਵੀ ਜਾਰੀ ਰੱਖਿਆ ਜਾਵੇਗਾ। ਸਕੀਮ ਲਈ ਵਿੱਤੀ ਸਾਲ 2024-25 ਦੌਰਾਨ 25 ਕਰੋੜ ਰੁਪਏ ਦੀ ਤਜਵੀਜ਼ ਰੱਖੀ ਗਈ ਹੈ। ਇਸੇ ਤਰ੍ਹਾਂ ਇਲੈਕਟ੍ਰਿਕ ਵਾਹਨ ਨੀਤੀ ਤਹਿਤ ਪ੍ਰੋਤਸਾਹਨ ਪ੍ਰਦਾਨ ਕਰਨ ਲਈ 10 ਕਰੋੜ ਰੁਪਏ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਲੁਧਿਆਣਾ ਅਤੇ ਮੋਰਿੰਡਾ ਵਿੱਚ ਵਾਹਨ ਸਕ੍ਰੈਪਿੰਗ ਦੀ ਸਹੂਲਤ ਪਹਿਲਾਂ ਹੀ ਸ਼ੁਰੂ ਕੀਤੀ ਜਾ ਚੁੱਕੀ ਹੈ ਅਤੇ ਨਵੇਂ ਗ਼ੈਰ-ਟਰਾਂਸਪੋਰਟ ਵਾਹਨਾਂ ਨੂੰ ਮੋਟਰ ਵਾਹਨ ਟੈਕਸ ਵਿੱਚ 25 ਫ਼ੀਸਦੀ ਤੱਕ ਦੀ ਛੋਟ ਦਿੱਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਲਗਭਗ 11 ਕਰੋੜ ਔਰਤਾਂ ਮੁਫ਼ਤ ਬੱਸ ਯਾਤਰਾ ਦਾ ਲਾਭ ਉਠਾ ਰਹੀਆਂ ਹਨ ਅਤੇ ਮੌਜੂਦਾ ਸਾਲ ਵਿੱਚ ਸਰਕਾਰ ਵੱਲੋਂ ਇਸ ਵਾਸਤੇ 450 ਕਰੋੜ ਰੁਪਏ ਉਪਲੱਬਧ ਕਰਵਾਏ ਗਏ ਸਨ ਅਤੇ ਵਿੱਤੀ ਸਾਲ 2024-25 ਲਈ ਇਸ ਸੇਵਾ ਨੂੰ ਜਾਰੀ ਰੱਖਣ ਲਈ 450 ਕਰੋੜ ਰੁਪਏ ਦਾ ਰਾਖਵਾਂਕਰਨ ਕੀਤਾ ਗਿਆ ਹੈ।

## ਸੂਬੇ ਵਿੱਚ ਸੈਰਸਪਾਟੇ ਨੂੰ ਪ੍ਰਫੁੱਲਿਤ ਕਰਨ ਲਈ ਹੋਰ ਸਹਾਇਕ ਸਿੱਧ ਹੋਵੇਗਾ 2024-25 ਦਾ ਬਜਟ : ਅਨਮੋਲ ਗਗਨ ਮਾਨ

ਚੰਡੀਗੜ੍ਹ, 5 ਮਾਰਚ (ਗਿਆਨ ਸਿੰਘ ): ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾਂ ਵੱਲੋਂ ਅੱਜ ਵਿੱਤੀ ਵਰ੍ਹੇ 2024-25 ਲਈ ਪੇਸ਼ ਕੀਤਾ ਗਿਆ ਬਜਟ ਵਿੱਚ ਸੂਬੇ ਦੇ ਸੈਰ-ਸਪਾਟੇ ਨੂੰ ਪ੍ਰਫੁੱਲਿਤ ਕਰਨ ਵਿੱਚ ਸਹਾਇਕ ਸਿੱਧ ਹੋਵੇਗਾ । ਇਹ ਪ੍ਰਗਟਾਵਾ ਪੰਜਾਬ ਦੇ ਸੈਰ-ਸਪਾਟਾ ਮੰਤਰੀ ਅਨਮੋਲ ਗਗਨ ਮਾਨ ਵੱਲੋਂ ਕੀਤਾ ਗਿਆ।

ਅੱਜ ਇੱਥੇ ਜਾਰੀ ਇੱਕ ਬਿਆਨ ਵਿੱਚ ਅਨਮੋਲ ਗਗਨ ਮਾਨ ਨੇ ਕਿਹਾ ਕਿ ਵਿੱਤੀ ਸਾਲ 2024-25 ਲਈ ਤਜਵੀਜ਼ਤ ਬਜਟ ਵਿੱਚ 166 ਕਰੋੜ ਰੁਪਏ ਸੈਰ-ਸਪਾਟਾ ਅਤੇ ਸਭਿਆਚਾਰਕ ਮਾਮਲਿਆਂ ਲਈ ਰੱਖਿਆ ਗਿਆ ਹੈ। ਇਸ ਤੋਂ ਇਲਾਵਾ ਸੂਬੇ ਵਿੱਚ ਈਕੋ ਟੂਰਿਜ਼ਮ ਉਤਸ਼ਾਹਿਤ ਕਰਨ ਲਈ ਵੀ ਇੱਕ ਪ੍ਰੋਜੈਕਟ ਤਿਆਰ ਕੀਤਾ ਗਿਆ ਹੈ, ਜਿਸਨੂੰ ਆਗਾਮੀ ਤਿੰਨ ਸਾਲਾਂ ਵਿੱਚ ਲਾਗੂ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦਸਤਾਰ ਦੀ ਮਹੱਤਤਾ ਤੋਂ ਪੂਰੀ ਦੁਨੀਆਂ ਨੂੰ ਜਾਣੂ ਕਰਵਾਉਣ ਲਈ ਸ੍ਰੀ ਅਨੰਦਪੁਰ ਸਾਹਿਬ ਵਿਖੇ ਦਸਤਾਰ ਅਜਾਇਬ ਘਰ ਬਣਾਉਣ ਦੇ ਉਪਰਾਲੇ ਜਾਰੀ ਹਨ।



# ਫਰਾਂਸ ਵਿਚ 'ਗਰਭਪਾਤ' ਔਰਤਾਂ ਲਈ ਸੰਵਿਧਾਨਕ ਅਧਿਕਾਰ ਬਣੇਗਾ, ਸੰਸਦ 'ਚ ਬਿੱਲ ਮਨਜ਼ੂਰ



ਪੈਰਿਸ, 5 ਮਾਰਚ (ਪੋਸਟ ਬਿਊਰੋ): ਫਰਾਂਸ ਦੀ ਸੰਸਦ ਨੇ ਇਕ ਵੱਡੇ ਬਿੱਲ ਨੂੰ ਮਨਜ਼ੂਰੀ ਦੇ ਦਿੱਤੀ ਹੈ। ਫਰਾਂਸ ਦੀ ਸੰਸਦ ਨੇ ਸੋਮਵਾਰ ਨੂੰ ਸੰਵਿਧਾਨ ਵਿੱਚ ਗਰਭਪਾਤ ਦੇ ਅਧਿਕਾਰ ਨੂੰ ਸ਼ਾਮਲ ਕਰਨ ਲਈ ਵੋਟਿੰਗ ਕੀਤੀ। ਇਸ ਬਿੱਲ ਨੂੰ ਵੀ ਵੋਟਿੰਗ 'ਚ ਮਨਜ਼ੂਰੀ ਮਿਲ ਗਈ ਹੈ। ਇਸ ਵੋਟਿੰਗ ਦੇ ਹੱਕ ਵਿਚ 780 ਵੋਟਾਂ ਪਈਆਂ, ਜਦੋਂਕਿ ਇਸ ਦੇ ਵਿਰੋਧ ਵਿਚ ਸਿਰਫ਼ 72 ਵੋਟਾਂ ਪਈਆਂ। ਵੋਟਿੰਗ ਤੋਂ ਬਾਅਦ, ਫਰਾਂਸ ਦੁਨੀਆਂ ਦਾ ਪਹਿਲਾ ਦੇਸ਼ ਬਣ ਗਿਆ ਜਿਸ ਨੇ ਆਪਣੇ ਮੂਲ ਕਾਨੂੰਨ ਵਿਚ ਗਰਭ ਅਵਸਥਾ ਨੂੰ ਖਤਮ ਕਰਨ ਲਈ ਸਪੱਸ਼ਟ ਸੁਰੱਖਿਆ ਪ੍ਰਦਾਨ ਕੀਤੀ। ਇਸ ਬਿੱਲ ਨੂੰ ਮਨਜ਼ੂਰੀ ਮਿਲਣ ਤੋਂ ਬਾਅਦ ਗਰਭਪਾਤ ਔਰਤਾਂ ਦਾ ਸੰਵਿਧਾਨਕ ਅਧਿਕਾਰ ਬਣ ਜਾਵੇਗਾ।

ਇੱਥੋਂ ਦੇ ਸੰਸਦ ਮੈਂਬਰਾਂ ਨੇ ਸੋਮਵਾਰ ਨੂੰ ਸੰਸਦ ਦੇ ਸਾਂਝੇ ਸੈਸ਼ਨ ਦੌਰਾਨ ਦੇਸ਼ ਵਿਚ ਗਰਭਪਾਤ ਨੂੰ ਔਰਤਾਂ ਦਾ ਸੰਵਿਧਾਨਕ ਅਧਿਕਾਰ ਬਣਾਉਣ ਵਾਲੇ ਬਿੱਲ ਨੂੰ ਮਨਜ਼ੂਰੀ ਦੇ ਦਿੱਤੀ। ਮਹਿਲਾ ਅਧਿਕਾਰ ਕਾਰਕੁਨਾਂ ਨੇ ਇਸ ਬਿੱਲ ਨੂੰ ਮਨਜ਼ੂਰੀ ਮਿਲਣ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਇਸ ਕਦਮ ਦੀ ਸ਼ਲਾਘਾ ਕੀਤੀ। ਤੁਹਾਨੂੰ ਦੱਸ ਦੇਈਏ ਕਿ ਸੰਸਦ ਦੇ ਦੋਵੇਂ ਸਦਨਾਂ ਨੈਸ਼ਨਲ ਅਸੈਂਬਲੀ ਅਤੇ ਸੈਨੇਟ ਪਹਿਲਾਂ ਹੀ ਫਰਾਂਸੀਸੀ ਸੰਵਿਧਾਨ ਦੇ ਆਰਟੀਕਲ 34 ਵਿੱਚ ਸੋਧ ਲਈ ਇੱਕ ਬਿੱਲ ਨੂੰ ਮਨਜ਼ੂਰੀ ਦੇ ਚੁੱਕੇ ਹਨ, ਤਾਂ ਜੋ ਔਰਤਾਂ ਨੂੰ ਗਰਭਪਾਤ ਦੇ ਅਧਿਕਾਰ ਦੀ ਗਾਰੰਟੀ ਦਿੱਤੀ ਜਾ ਸਕੇ।





